ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 30 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੪ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਗੁਲਜ਼ਾਰ ਸਿੰਘ ਦੀ ਮੌਤ ਮਾਮਲੇ ’ਚ ਪੰਜਾਬ ਸਰਕਾਰ ਨੇ ਹਾਈਕੋਰਟ ’ਚ ਦਾਖਲ ਕੀਤੀ ਸਟੇਟਸ ਰਿਪੋਰਟ

**ਚੰਡੀਗੜ੍ਹ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਗੁਲਜ਼ਾਰ ਸਿੰਘ ਦੀ ਮੌਤ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਨੇ ਮੰਗਲਵਾਰ ਪੰਜਾਬ-ਹਰਿਆਣਾ ਹਾਈਕੋਰਟ ’ਚ ਸਟੇਟਸ ਰਿਪੋਰਟ ਦਾਖਲ ਕਰ ਦਿੱਤੀ ਹੈ। ਹਾਈਕੋਰਟ ਨੇ ਪਟੀਸ਼ਨਕਰਤਾਵਾਂ ਨੂੰ ਸਟੇਟਸ ਰਿਪੋਰਟ ’ਤੇ ਗੌਰ ਕਰਨ ਅਤੇ ਅਗਲੀ ਸੁਣਵਾਈ ’ਤੇ ਆਪਣਾ ਪੱਖ ਰੱਖਣ ਦੇ ਹੁਕਮ ਦਿੱਤੇ ਹਨ। ਦੱਸ ਦਈਏ ਕਿ ਪਟੀਸ਼ਨ ਰਾਹੀਂ ਸ਼ਿਕਾਇਤਕਰਤਾ ਵੱਲੋਂ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਇਸ ਮਾਮਲੇ ਵਿੱਚ ਦੋ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਹਨ, ਇੱਕ ਜਨਹਿੱਤ ਪਟੀਸ਼ਨ ਦਾਖਲ ਕੀਤੀ ਗਈ ਸੀ, ਜਦਕਿ ਦੂਜੀ ਗੁਲਜ਼ਾਰ ਸਿੰਘ ਦੇ ਪੁੱਤਰ ਲਖਵਿੰਦਰ ਸਿੰਘ ਨੇ ਪਾਈ ਸੀ। ਦੋਵੇਂ ਪਟੀਸ਼ਨਾਂ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਪੰਜਾਬ ਪੁਲਿਸ ਇਸ ਮਾਮਲੇ ਦੀ ਨਿਰਪੱਖ ਜਾਂਚ ਨਹੀਂ ਕਰ ਸਕਦੀ ਕਿਉਂਕਿ ਉਹ ਮੰਤਰੀ ਦੇ ਦਬਾਅ ਹੇਠ ਕੰਮ ਕਰ ਰਹੀ ਹੈ। ਇਸ ਲਈ, ਉਹ ਮੰਗ ਕਰਦੇ ਹਨ ਕਿ ਮਾਮਲੇ ਦੀ ਜਾਂਚ ਸੀਬੀਆਈ ਜਾਂ ਕਿਸੇ ਹੋਰ ਨਿਰਪੱਖ ਜਾਂਚ ਏਜੰਸੀ ਵੱਲੋਂ ਕਰਵਾਈ ਜਾਵੇ। ਗੁਲਜ਼ਾਰ ਸਿੰਘ ਦੇ ਮੁੰਡੇ ਵੱਲੋਂ ਪਟੀਸ਼ਨ ਵਿੱਚ ਪੰਜਾਬ ਦੇ ਗ੍ਰਹਿ ਸਕੱਤਰ, ਸੰਗਰੂਰ ਦੇ ਐਸਐਸਪੀ, ਡੀਡਬਾ ਦੇ ਐਸਐਚਓ, ਸੀਬੀਆਈ ਅਤੇ ਮੰਤਰੀ ਹਰਪਾਲ ਚੀਮਾ ਨੂੰ ਪ੍ਰਤੀਵਾਦੀ ਵਜੋਂ ਨਾਮਜ਼ਦ ਕੀਤਾ ਹੈ। ਪੰਜਾਬ ਸਰਕਾਰ ਵੱਲੋਂ, ਐਸਐਸਪੀ ਸੰਗਰੂਰ ਡਾ. ਰਵਜੋਤ ਗਰੇਵਾਲ ਨੇ ਆਪਣੀ ਸਟੇਟਸ ਰਿਪੋਰਟ ਵਿੱਚ ਕਿਹਾ ਕਿ ਇਸ ਮਾਮਲੇ ਵਿੱਚ ਦਰਜ ਐਫਆਈਆਰ ਤੋਂ ਬਾਅਦ, ਬਲਜੀਤ ਸਿੰਘ ਉਰਫ਼ ਰਾਜ, ਵਿੱਕੀ ਸਿੰਘ, ਗੋਨਾ ਸਿੰਘ ਅਤੇ ਬਲਜਿੰਦਰ ਕੌਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

### ਐਫਬੀਆਈ ਨੇ ਗੈਂਗਸਟਰ ਗੋਲਡੀ ਬਰਾੜ ਨੂੰ ‘ਮੋਸਟ ਵਾਂਟਡ’ ਸੂਚੀ ’ਚ ਕੀਤਾ ਸ਼ਾਮਲ

# ਸਿਰ ’ਤੇ ਰੱਖਿਆ 9 ਕਰੋੜ ਰੁਪਏ ਦਾ ਇਨਾਮ

**ਵਾਸ਼ਿੰਗਟਨ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਖ਼ੁਫ਼ੀਆ ਜਾਂਚ ਏਜੰਸੀ ਐਫਬੀਆਈ ਨੇ ਲਾਰੈਂਸ ਬਿਸ਼ਨੋਈ ਗੈਂਗ ’ਤੇ ਵੱਡੀ ਕਾਰਵਾਈ ਕੀਤੀ ਹੈ। ਅਮਰੀਕੀ ਏਜੰਸੀ ਨੇ ਗੈਂਗ ਦੇ ਖ਼ਤਰਨਾਕ ਮੈਂਬਰ ਗੋਲਡੀ ਬਰਾੜ ਨੂੰ ਆਪਣੀ ਸਭ ਤੋਂ ਵੱਧ ਲੋੜੀਂਦੇ 10 ਭਗੌੜਿਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਹੈ। ਗੋਲਡੀ ਬਰਾੜ ’ਤੇ ਕਤਲ



ਦੀ ਸਾਜ਼ਿਸ਼, ਜਬਰੀ ਵਸੂਲੀ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਮੇਤ ਗੰਭੀਰ ਦੋਸ਼ ਹਨ। ਐਫਬੀਆਈ ਨੇ ਨਾਲ ਹੀ ਗੈਂਗਸਟਰ ਦੇ ਸਿਰ ’ਤੇ 10 ਲੱਖ ਡਾਲਰ ਦਾ ਇਨਾਮ ਵੀ ਰੱਖਿਆ ਹੈ, ਜੋ ਕਿ ਗੈਂਗਸਟਰ ਨੂੰ ਗ੍ਰਿਫ਼ਤਾਰ ਕਰਵਾਉਣ ਲਈ ਮਦਦ ਕਰਨ ਵਾਲੇ ਵਿਅਕਤੀ ਨੂੰ ਦਿੱਤਾ ਜਾਵੇਗਾ। ਐਫਬੀਆਈ ਦੇ ਅਨੁਸਾਰ, ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ, ਸੰਯੁਕਤ ਰਾਜ ਅਮਰੀਕਾ ਤੋਂ ਲਾਰੈਂਸ ਬਿਸ਼ਨੋਈ ਦੇ ਸਿੰਡੀਕੇਟ ਨੂੰ ਚਲਾਉਂਦਾ ਹੈ। ਇਹ ਗਿਰੋਹ ਅਮਰੀਕਾ, ਕੈਨੇਡਾ ਅਤੇ ਭਾਰਤ ਸਮੇਤ ਕਈ ਦੇਸ਼ਾਂ ਵਿੱਚ ਕਤਲ, ਜਬਰੀ ਵਸੂਲੀ, ਫਿਰੌਤੀ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਰਗੇ ਅਪਰਾਧਾਂ ਵਿੱਚ ਸ਼ਾਮਲ ਰਿਹਾ ਹੈ। ਐਫਬੀਆਈ ਨੇ 28 ਸਤੰਬਰ ਨੂੰ ਗੋਲਡੀ ਬਰਾੜ ਨੂੰ ਚੋਟੀ ਦੇ 10 ਸਭ ਤੋਂ ਵੱਧ ਲੋੜੀਂਦੇ ਭਗੌੜਿਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ। ਉਹ ਇਸ ਸੂਚੀ ਵਿੱਚ ਸ਼ਾਮਲ ਹੋਣ ਵਾਲਾ 543ਵਾਂ ਭਗੌੜਾ ਹੈ। ਗੋਲਡੀ ਬਰਾੜ ਇਸ ਸਮੇਂ ਫਰਾਰ ਹੈ ਅਤੇ ਅਮਰੀਕੀ ਏਜੰਸੀਆਂ ਉਸਦੀ ਸਰਗਰਮੀ ਨਾਲ ਭਾਲ ਕਰ ਰਹੀਆਂ ਹਨ। ਗੋਲਡੀ ਬਰਾੜ ਵਿਰੁੱਧ ਲਾਸ ਏਂਜਲਸ ਦੀ ਇੱਕ ਸੰਘੀ ਅਦਾਲਤ ਵਿੱਚ ਕੇਸ ਦਾਇਰ ਕੀਤਾ ਗਿਆ ਹੈ। ਉਸ ਉੱਤੇ ਗੈਂਗ ਸਾਜ਼ਿਸ਼, ਰੈਕੇਟੀਅਰਿੰਗ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਮੇਤ ਗੰਭੀਰ ਦੋਸ਼ ਹਨ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਅਦਾਲਤ ਨੇ ਪਿਛਲੇ ਸਾਲ 1 ਜੁਲਾਈ ਨੂੰ ਉਸ ਵਿਰੁੱਧ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤਾ ਸੀ। ਅਮਰੀਕੀ ਜਾਂਚ ਏਜੰਸੀਆਂ ਦਾ ਕਹਿਣਾ ਹੈ ਕਿ ਗੋਲਡੀ ਬਰਾੜ ਉੱਤਰੀ ਅਮਰੀਕਾ ਵਿੱਚ ਲਾਰੈਂਸ ਬਿਸ਼ਨੋਈ ਗੈਂਗ ਰਾਹੀਂ ਇੱਕ ਅਪਰਾਧਿਕ ਨੈੱਟਵਰਕ ਦਾ ਪ੍ਰਬੰਧਨ ਕਰਦਾ ਹੈ। ਇਸ ਗੈਂਗ ਉੱਤੇ ਪਹਿਲਾਂ ਤੋਂ ਯੋਜਨਾਬੱਧ ਕਤਲ, ਅੰਨ੍ਹੇਵਾਹ ਗੋਲੀਬਾਰੀ ਅਤੇ ਡਰਾ-ਧਮਕਾ ਕੇ ਜਬਰੀ ਵਸੂਲੀ ਦੇ ਗੰਭੀਰ ਦੋਸ਼ ਹਨ। ਹਾਲਾਂਕਿ, ਇਹ ਸਾਰੇ ਦੋਸ਼ ਜਾਂਚ ਅਧੀਨ ਹਨ ਅਤੇ ਕਾਨੂੰਨੀ ਪ੍ਰਕਿਰਿਆ ਅਦਾਲਤ ਵਿੱਚ ਵਿਚਾਰ ਅਧੀਨ ਹੈ। ਜੁਲਾਈ 2026 ਵਿੱਚ, ਅਮਰੀਕਾ ਵਿੱਚ “ਆਪ੍ਰੇਸ਼ਨ ਹਾਰਡਬਾਲ” ਨਾਮ ਹੇਠ ਇੱਕ ਵੱਡਾ ਆਪ੍ਰੇਸ਼ਨ ਕੀਤਾ ਗਿਆ ਸੀ। ਭਾਰਤ ਨਾਲ ਜੁੜੇ ਤਿੰਨ ਵੱਡੇ ਅਪਰਾਧਿਕ ਗਿਰੋਹਾਂ ਦੇ 37 ਵਿਅਕਤੀਆਂ ਵਿਰੁੱਧ ਦੋਸ਼ ਜਨਤਕ ਕੀਤੇ ਗਏ ਸਨ, ਜਿਨ੍ਹਾਂ ਵਿੱਚ ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰ ਵੀ ਸ਼ਾਮਲ ਸਨ।

## ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਦੇ ਕਾਫਲੇ ਦੀ ਗੱਡੀ ਸੜਕ ਹਾਦਸੇ ਵਿਚ ਨੁਕਸਾਨੀ

**ਬਠਿੰਡਾ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਪਰਮੇਸ਼ਰ ਦੁਆਰ ਦੇ ਮੁੱਖ ਸੇਵਾਦਾਰ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦੇ ਕਾਫ਼ਲੇ ਨਾਲ ਮੰਗਲਵਾਰ ਨੂੰ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਬਰਨਾਲਾ-ਬਠਿੰਡਾ ਰਾਸ਼ਟਰੀ ਰਾਜਮਾਰਗ ’ਤੇ ਪਿੰਡ ਖੁੱਡੀ ਖੁਰਦ ਅਤੇ ਹੰਡਿਆਇਆ ਨੇੜੇ ਭਾਈ ਢੱਡਰੀਆਂ ਵਾਲਿਆਂ ਦੇ ਕਾਫ਼ਲੇ ’ਚ ਸ਼ਾਮਲ ਇੱਕ ਟੈਂਪੂ ਟਰੈਵਲਰ ਗੱਡੀ ਅਚਾਨਕ ਹਾਦਸੇ ਦਾ ਸ਼ਿਕਾਰ ਹੋ ਗਈ, ਜਿਸ ਨਾਲ ਗੱਡੀ ਦਾ ਭਾਰੀ ਨੁਕਸਾਨ ਹੋਇਆ ਹੈ। ਲੀ ਜਾਣਕਾਰੀ ਮੁਤਾਬਕ ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਆਪਣੇ ਜੱਥੇ ਅਤੇ ਸ਼ਰਧਾਲੂਆਂ ਦੇ ਕਾਫ਼ਲੇ ਸਮੇਤ ਬਠਿੰਡਾ ਵੱਲ ਜਾ ਰਹੇ ਸਨ। ਜਿਵੇਂ ਹੀ ਇਹ ਕਾਫ਼ਲਾ ਬਰਨਾਲਾ-ਬਠਿੰਡਾ ਨੈਸ਼ਨਲ ਹਾਈਵੇਅ ’ਤੇ ਸਥਿਤ ਪਿੰਡ ਖੁੱਡੀ ਖੁਰਦ ਨੇੜੇ ਪਹੁੰਚਿਆ, ਤਾਂ ਕਾਫ਼ਲੇ ’ਚ ਚੱਲ ਰਹੀ ਟੈਂਪੂ ਟਰੈਵਲਰ ਹਾਦਸਾਗ੍ਰਸਤ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਗੱਡੀ ਦਾ ਅਗਲਾ ਹਿੱਸਾ ਬੁਰੇ ਤਰੀਕੇ ਨਾਲ ਨੁਕਸਾਨਿਆ ਗਿਆ। ਟਨਾ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪੁਲਿਸ ਅਤੇ ਰਾਹਤ ਟੀਮਾਂ ਤੁਰੰਤ ਮੌਕੇ ’ਤੇ ਪਹੁੰਚੀਆਂ ਅਤੇ ਸਥਿਤੀ ਦਾ ਜਾਇਜ਼ਾ ਲਿਆ। ਹਾਦਸੇ ਤੋਂ ਤੁਰੰਤ ਬਾਅਦ



ਕਾਫ਼ਲੇ ਦੇ ਹੋਰ ਵਾਹਨਾਂ ਅਤੇ ਰਾਹਗੀਰਾਂ ਦੀ ਮਦਦ ਨਾਲ ਰਾਹਤ ਕਾਰਜ ਸ਼ੁਰੂ ਕੀਤੇ ਗਏ। ਲਿਸ ਵੱਲੋਂ ਹਾਦਸੇ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਦੁਰਘਟਨਾ ਕਿਸੇ ਹੋਰ ਵਾਹਨ ਨਾਲ ਟੱਕਰ ਹੋਣ ਕਾਰਨ ਵਾਪਰੀ ਹੈ ਜਾਂ ਅਚਾਨਕ ਸੰਤੁਲਨ ਵਿਗੜਨ ਕਰਕੇ ਹੋਈ ਹੈ। ਹਾਦਸੇ ਦੀ ਖ਼ਬਰ ਫੈਲਦਿਆਂ ਹੀ ਭਾਈ ਢੱਡਰੀਆਂ ਵਾਲਿਆਂ ਦੇ ਸਮਰਥਕਾਂ ਅਤੇ ਸ਼ਰਧਾਲੂਆਂ ’ਚ ਚਿੰਤਾ ਦੀ ਲਹਿਰ ਦੌੜ ਗਈ।

### ਜੱਥੇਦਾਰ ਗੜਗੱਜ, ਗਿਆਨੀ ਟੇਕ ਸਿੰਘ ਤੇ ਐਡਵੋਕੇਟ ਧਾਮੀ ਵੱਲੋਂ

# ਪਟਿਆਲਾ ਜੇਲ੍ਹ ’ਚ ਭਾਈ ਰਾਜੋਆਣਾ ਨਾਲ ਮੁਲਾਕਾਤ

## ਲੰਮੇ ਸਮੇਂ ਤੋਂ ਲਟਕਦੇ ਮਾਮਲੇ ’ਤੇ ਭਾਈ ਰਾਜੋਆਣਾ ਦੀਆਂ ਭਾਵਨਾਵਾਂ ਅਨੁਸਾਰ ਫ਼ੈਸਲੇ ਦੀ ਆਖੀ ਗੱਲ

**ਨਵੀਂ ਦਿੱਲੀ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਸਿਹਤ ਅਤੇ ਹਾਲਾਤ ਬਾਰੇ ਜਾਣਕਾਰੀ ਲਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ ਵੀ ਮੌਜੂਦ ਸਨ। ਮੁਲਾਕਾਤ ਮਗਰੋਂ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਹਾਕਮਾਂ ਵੱਲੋਂ ਜਾਨ ਬਖ਼ਸ਼ੀ ਲਈ ਰੱਖੀਆਂ ਸ਼ਰਤਾਂ ਅੱਗੇ ਸਿੱਖਾਂ ਨੇ ਕਦੇ ਈਨ ਨਹੀਂ ਮੰਨੀ, ਸਗੋਂ ਸ਼ਹਾਦਤ ਨੂੰ ਪ੍ਰਵਾਨ ਕੀਤਾ ਹੈ। ਭਾਈ ਬਲਵੰਤ ਸਿੰਘ ਰਾਜੋਆਣਾ ਵੀ ਇਸੇ ਸਿੱਖ ਪਰੰਪਰਾ ’ਤੇ ਪਹਿਰਾ ਦਿੰਦਿਆਂ ਸਪੱਸ਼ਟ ਕਹਿ ਰਹੇ ਹਨ ਕਿ ਉਨ੍ਹਾਂ ਨੂੰ ਜਾਨ ਬਖ਼ਸ਼ੀ ਦੀ ਭੀਖ ਨਹੀਂ ਚਾਹੀਦੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਮੌਕੇ ਸਾਲ 2019 ਵਿੱਚ ਭਾਈ ਰਾਜੋਆਣਾ ਸਬੰਧੀ ਕੀਤੇ ਆਪਣੇ ਐਲਾਨ ਨੂੰ ਅਜੇ ਤੱਕ ਲਾਗੂ ਨਹੀਂ ਕਰ ਰਹੀ। ਛੇ ਸਾਲ ਤੋਂ ਵੱਧ ਸਮਾਂ ਬੀਤਣ ਅਤੇ ਸੁਪਰੀਮ ਕੋਰਟ ਵਿੱਚ ਇਸ ਮਾਮਲੇ ਸਬੰਧੀ 41 ਤਰੀਕਾਂ ਪੈਣ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਅੰਤਿਮ ਫ਼ੈਸਲਾ ਨਾ ਲੈਣਾ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ 32 ਸਾਲਾਂ ਤੋਂ ਨਜ਼ਰਬੰਦ ਭਾਈ ਰਾਜੋਆਣਾ ਦਾ ਮਾਮਲਾ ਹੋਰ ਲਟਕਾਉਣ ਦੀ ਬਜਾਏ ਸਰਕਾਰ ਨੂੰ ਤੁਰੰਤ ਨਿਰਣਾ ਲੈਣਾ ਚਾਹੀਦਾ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਭਾਈ ਰਾਜੋਆਣਾ ਪੂਰੀ ਚੜ੍ਹਦੀ ਕਲਾ ਵਿੱਚ ਹਨ ਅਤੇ ਗੁਰੂ ਨਾਲ ਜੁੜੇ ਹੋਏ ਹਨ। ਭਾਈ ਰਾਜੋਆਣਾ ਨੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਮੌਲਿਕ ਅਧਿਕਾਰਾਂ ਸਬੰਧੀ ਵੀ ਚਿੰਤਾ ਪ੍ਰਗਟ ਕੀਤੀ, ਜਿਨ੍ਹਾਂ ਨੂੰ ਉਨ੍ਹਾਂ ਦੀ ਬਜ਼ੁਰਗ ਤੇ ਬੀਮਾਰ ਮਾਤਾ ਨਾਲ ਮਿਲਣ ਲਈ ਪੈਰੋਲ ਤੱਕ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਇਹ ਸਰਕਾਰਾਂ ਵੱਲੋਂ ਸਿੱਖਾਂ ਨਾਲ ਵੱਡਾ ਅਨਿਆਂ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਭਾਈ ਰਾਜੋਆਣਾ ਦੇ ਮਾਮਲੇ ਵਿੱਚ ਸਮੇਂ ਸਿਰ ਫ਼ੈਸਲਾ ਨਾ ਕੀਤਾ






ਤਾਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਅਗਲੀ ਕਾਰਵਾਈ ਲਈ ਰਾਹ ਖੋਲ੍ਹਿਆ ਜਾਵੇਗਾ ਅਤੇ ਭਾਈ ਰਾਜੋਆਣਾ ਦੀਆਂ ਭਾਵਨਾਵਾਂ ਅਨੁਸਾਰ ਵਿਚਾਰ ਕੀਤਾ ਜਾਵੇਗਾ। 2 ਅਕਤੂਬਰ ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਮਾਰਚ ਬਾਰੇ ਉਨ੍ਹਾਂ ਕਿਹਾ ਕਿ ਜਿਵੇਂ ਸ਼੍ਰੋਮਣੀ ਕਮੇਟੀ ਨੇ ਕੌਮੀ ਇਨਸਾਫ਼ ਮੋਰਚੇ ਦਾ ਸਮਰਥਨ ਕੀਤਾ ਹੈ, ਸ੍ਰੀ ਅਕਾਲ ਤਖ਼ਤ ਸਾਹਿਬ ਵੀ ਇਸ ਦਾ ਪੂਰਨ ਸਮਰਥਨ ਕਰਦਾ ਹੈ। ਉਨ੍ਹਾਂ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮਾਮਲਿਆਂ ਨੂੰ ਖੁੱਲ੍ਹ ਕੇ ਉਭਾਰਿਆ ਜਾਵੇ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਸ ਧਰਤੀ ’ਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਨੇ ਧਾਰਮਿਕ ਆਜ਼ਾਦੀ ਲਈ ਸ਼ਹਾਦਤ ਦਿੱਤੀ, ਉਸੇ ਮੁਲਕ ਵਿੱਚ ਸਿੱਖ ਬੰਦੀਆਂ ਨੂੰ ਆਪਣੇ ਪਰਿਵਾਰਾਂ ਅਤੇ ਮਾਵਾਂ ਨਾਲ ਮਿਲਣ ਲਈ ਵੀ ਲੰਮਾ ਇੰਤਜ਼ਾਰ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਬੰਦੀ ਸਿੰਘਾਂ ਦੇ ਮਾਮਲਿਆਂ ਵਿੱਚ ਬਿਨਾਂ ਦੇਰੀ ਨਿਆਂਸੰਗਤ ਅਤੇ ਮਨੁੱਖੀ ਪੱਖ ਨੂੰ ਧਿਆਨ ਵਿੱਚ ਰੱਖਦਿਆਂ ਫ਼ੈਸਲੇ ਕਰਨੇ ਚਾਹੀਦੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਪਿਛਲੇ ਕਰੀਬ 32 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ ਅਤੇ ਉਨ੍ਹਾਂ ਨੂੰ ਫਾਂਸੀ ਦੀ ਚੱਕੀ ਵਿੱਚ ਬੈਠਿਆਂ ਵੀ 19 ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਦਾਇਰ ਕੀਤੀ ਗਈ ਪਟੀਸ਼ਨ ਦੇ ਜਲਦ ਨਿਪਟਾਰੇ ਲਈ ਭਾਈ ਸਾਹਿਬ ਨੇ ਵਿਸ਼ੇਸ਼ ਤੌਰ ’ਤੇ ਆਖਿਆ ਹੈ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਜੋ ਵੀ ਕੌਮੀ ਸੇਵਾ ਕੀਤੀ ਹੈ, ਉਹ ਬਿਲਕੁੱਲ ਠੀਕ ਕੀਤੀ ਹੈ ਅਤੇ ਇਸ ਲਈ ਉਹ ਕਿਸੇ ਕਿਸਮ ਦੀ ਮਾਫ਼ੀ ਦੀ ਮੰਗ ਨਹੀਂ ਕਰ ਰਹੇ। ਐਡਵੋਕੇਟ ਧਾਮੀ ਨੇ ਕਿਹਾ ਸ਼ਹਾਦਤ ਸਿੱਖ ਪੰਥ ਦੀ ਜਿੰਦ-ਜਾਨ ਹੈ, ਬੰਦਾ ਜੰਮਦਾ ਹੈ ਤੇ ਇੱਕ ਦਿਨ ਅਕਾਲ ਚਲਾਣਾ ਕਰ ਜਾਂਦਾ ਹੈ, ਪ੍ਰੰਤੂ ਕੌਮ ਲਈ ਮਰ ਮਿਟਣਾ ਹੀ ਸਿੱਖੀ ਦਾ ਅਸਲ ਮਾਰਗ ਹੈ। ਉਨ੍ਹਾਂ ਦੱਸਿਆ ਕਿ ਭਾਈ ਰਾਜੋਆਣਾ ਨਾਲ ਸਮੁੱਚੀ ਸਥਿਤੀ ਬਾਰੇ ਵਿਸਥਾਰਪੂਰਵਕ ਵਿਚਾਰਾਂ ਹੋਈਆਂ ਹਨ ਅਤੇ ਇਸ ਸਬੰਧੀ ਬਹੁਤ ਜਲਦ ਕੋਈ ਠੋਸ ਫ਼ੈਸਲਾ ਲਿਆ ਜਾਵੇਗਾ। ਦੇਸ਼ ਦੇ ਕਾਨੂੰਨੀ ਤੇ ਪ੍ਰਸ਼ਾਸਨਿਕ ਢਾਂਚੇ ’ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਇਹ ਸਿੱਧੇ ਤੌਰ ’ਤੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ। ਜਿਸ ਮੁਲਕ ਵਿੱਚ ਇੱਕ ਪੁੱਤ ਨੂੰ ਆਪਣੀ ਬਜ਼ੁਰਗ ਮਾਂ ਨੂੰ ਮਿਲਣ ਲਈ ਵੀ ਪੈਰੋਲ ਨਾ ਦਿੱਤੀ ਜਾਵੇ, ਉੱਥੇ ਇਨਸਾਫ਼ ਦੀ ਆਸ ਕਿਵੇਂ ਕੀਤੀ ਜਾ ਸਕਦੀ ਹੈ? ਇਹ ਬਹੁਤ ਅਫ਼ਸੋਸਜਨਕ ਤੇ ਗ਼ਲਤ ਹੋ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਕੇਵਲ ਇੱਕ ਵਿਅਕਤੀਗਤ ਮਾਮਲਾ ਨਹੀਂ ਬਲਕਿ ਸਮੁੱਚਾ ‘ਕੌਮੀ ਮਸਲਾ’ ਹੈ। ਭਾਈ ਰਾਜੋਆਣਾ ਅਤੇ ਭਾਈ ਜਗਤਾਰ ਸਿੰਘ ਹਵਾਰਾ ਸਮੇਤ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਕਮੇਟੀ ਪੂਰੀ ਦ੍ਰਿੜ੍ਹਤਾ ਨਾਲ ਖੜ੍ਹੀ ਹੈ। ਇਸੇ ਲੜੀ ਤਹਿਤ ਬੰਦੀ ਸਿੰਘਾਂ ਦੀ ਰਿਹਾਈ ਲਈ 2 ਤਾਰੀਖ਼ ਨੂੰ ਕੱਢੇ ਜਾ ਰਹੇ ਮਾਰਚ ਦਾ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਮਰਥਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਚੜ੍ਹਦੀ ਕਲਾ ਵਿਚ ਹਨ ਅਤੇ ਕੌਮ ਦੀ ਭਲਾਈ ਅਤੇ ਉਚੇਰੇ ਭਵਿੱਖ ਲਈ ਆਸਵੰਦ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਹੁਣ ਸਮੁੱਚੇ ਮਾਮਲੇ ਅਤੇ ਅਗਲੀ ਰਣਨੀਤੀ ਸਬੰਧੀ ਅੰਤਿਮ ਫ਼ੈਸਲਾ ਪੰਜ ਸਿੰਘ ਸਾਹਿਬਾਨ ਵੱਲੋਂ ਲਿਆ ਜਾਵੇਗਾ, ਜੋ ਸਮੁੱਚੀ ਕੌਮ ਲਈ ਮਾਰਗਦਰਸ਼ਨ ਹੋਵੇਗਾ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।


ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਭਾਰਤ ਕੈਨੇਡਾ 'ਚ ਮੁੜ ਅਪਰਾਧਾਂ 'ਚ ਸ਼ਾਮਲ ਨਹੀਂ ਹੋਵੇਗਾ, ਇਸ ਦੀ ਗਾਰੰਟੀ ਨਹੀਂ ਦੇ ਸਕਦਾ: ਕਾਰਨੀ

# ਭਾਰਤ ਨਾਲ ਸਬੰਧ ਸੁਧਾਰਨ ਦੀ ਕਵਾਇਦ ਦਰਮਿਆਨ ਸੁਰੱਖਿਆ ਦਾ ਮੁੱਦਾ ਮੁੜ ਚਰਚਾ

**ਲੰਡਨ/ਓਟਾਵਾ, 29 ਸਤੰਬਰ (ਸਰਬਜੀਤ ਸਿੰਘ ਬਨੂੜ)**-ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਿਹਾ ਹੈ ਕਿ ਉਹ ਇਹ ਗਾਰੰਟੀ ਨਹੀਂ ਦੇ ਸਕਦੇ ਕਿ



## ਨਿੱਝਰ ਕਤਲ ਤੇ ਵਿਦੇਸ਼ੀ ਦਖ਼ਲਅੰਦਾਜ਼ੀ ਦੇ ਦੋਸ਼ਾਂ ਦੀ ਵੀ ਗੂੰਜ

ਕੈਨੇਡਾ ਦੀ ਧਰਤੀ 'ਤੇ ਹੋਣ ਵਾਲੀਆਂ ਅਪਰਾਧਿਕ ਘਟਨਾਵਾਂ ਨਾਲ ਭਾਰਤ ਸਰਕਾਰ ਦਾ ਨਾਂ ਭਵਿੱਖ ਵਿੱਚ ਮੁੜ ਨਹੀਂ ਜੁੜੇਗਾ। ਕਾਰਨੀ ਦੀ ਇਹ ਟਿੱਪਣੀ ਉਸ ਸਮੇਂ ਸਾਹਮਣੇ ਆਈ ਹੈ ਜਦੋਂ ਕੈਨੇਡਾ ਅਤੇ ਭਾਰਤ ਪਿਛਲੇ ਸਾਲਾਂ ਦੇ ਤਣਾਅ ਤੋਂ ਬਾਅਦ ਕੂਟਨੀਤਕ, ਵਪਾਰਕ ਅਤੇ ਸੁਰੱਖਿਆ ਸਬੰਧਾਂ ਨੂੰ ਮੁੜ ਮਜ਼ਬੂਤ ਕਰਨ ਵੱਲ ਵਧ ਰਹੇ ਹਨ। ਕਾਰਨੀ ਨੇ ਪਿਛਲੇ ਹਫ਼ਤੇ ਨਿਊਯਾਰਕ ਟਾਈਮਜ਼ ਨੂੰ ਦਿੱਤੇ ਇੰਟਰਵਿਊ ਵਿੱਚ ਕੈਨੇਡਾ-ਭਾਰਤ ਸਬੰਧਾਂ ਵਿੱਚ ਸੁਧਾਰ ਅਤੇ ਕੈਨੇਡੀਅਨ ਧਰਤੀ 'ਤੇ ਵਿਦੇਸ਼ੀ ਦਖ਼ਲਅੰਦਾਜ਼ੀ ਦੇ ਦੋਸ਼ ਦੋਵੇਂ ਮੁੱਦੇ ਇੱਕ ਵਾਰ ਫਿਰ ਇਕੱਠੇ ਚਰਚਾ ਦੇ ਕੇਂਦਰ ਵਿੱਚ ਆ ਗਏ ਹਨ। ਕਾਰਨੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁੜ ਬਣ ਰਹੇ ਸਬੰਧਾਂ ਕਾਰਨ ਕੈਨੇਡੀਅਨਾਂ ਦੀ ਸੁਰੱਖਿਆ ਦੇ ਮਾਮਲੇ ਵਿੱਚ ਕੁਝ ਤਰੱਕੀ ਹੋਣ ਦੇ ਸੰਕੇਤ ਮਿਲੇ ਹਨ। ਹਾਲਾਂਕਿ ਜਦੋਂ ਉਨ੍ਹਾਂ ਤੋਂ ਪੁੱਛਿਆ ਗਿਆ ਕਿ ਕੀ ਉਹ ਕੈਨੇਡੀਅਨਾਂ ਨੂੰ ਭਰੋਸਾ ਦੇ ਸਕਦੇ ਹਨ ਕਿ ਅੱਗਜ਼ਨੀ, ਜਬਰੀ ਵਸੂਲੀ, ਬਲੈਕਮੇਲ, ਧਮਕੀਆਂ ਜਾਂ ਕਤਲ ਵਰਗੀਆਂ ਘਟਨਾਵਾਂ ਨਾਲ ਭਾਰਤ ਸਰਕਾਰ ਦਾ ਨਾਂ ਮੁੜ ਨਹੀਂ ਜੁੜੇਗਾ, ਤਾਂ ਉਨ੍ਹਾਂ ਨੇ ਅਜਿਹੀ ਗਾਰੰਟੀ ਦੇਣ ਤੋਂ ਇਨਕਾਰ ਕੀਤਾ।

ਕਾਰਨੀ ਨੇ ਕਿਹਾ ਕਿ ਉਹ ਇਸ ਗੱਲ ਦੀ ਗਾਰੰਟੀ ਨਹੀਂ ਦੇ ਸਕਦੇ ਕਿ ਕੈਨੇਡਾ ਵਿੱਚ ਕੋਈ ਅਪਰਾਧ ਹੀ ਨਹੀਂ ਵਾਪਰੇਗਾ। ਉਨ੍ਹਾਂ ਦਾ ਕਹਿਣਾ ਸੀ ਕਿ ਦੋਵਾਂ ਦੇਸ਼ਾਂ ਵਿਚਾਲੇ ਸੁਰੱਖਿਆ ਸਹਿਯੋਗ ਅਤੇ ਸਿੱਧੀ ਗੱਲਬਾਤ ਹੋਣਾ ਮਹੱਤਵਪੂਰਨ ਹੈ ਅਤੇ ਟੁੱਟੇ ਹੋਏ ਸਬੰਧਾਂ ਦੀ ਸਥਿਤੀ ਵਿੱਚ ਅਜਿਹਾ ਸਹਿਯੋਗ ਸੰਭਵ ਨਹੀਂ ਸੀ।

ਇਹ ਮਾਮਲਾ 2023 ਵਿੱਚ ਸਰੀ, ਬ੍ਰਿਟਿਸ਼ ਕੋਲੰਬੀਆ ਵਿੱਚ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਤੋਂ ਬਾਅਦ ਖਾਸ ਤੌਰ 'ਤੇ ਗੰਭੀਰ ਬਣਿਆ ਸੀ। ਉਸ ਵੇਲੇ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੰਸਦ ਵਿੱਚ ਕਿਹਾ ਸੀ ਕਿ ਕੈਨੇਡੀਅਨ ਏਜੰਸੀਆਂ ਭਾਰਤ ਸਰਕਾਰ ਦੇ ਏਜੰਟਾਂ ਅਤੇ ਨਿੱਝਰ ਦੇ ਕਤਲ ਵਿਚਾਲੇ ਸੰਭਾਵਿਤ ਸਬੰਧਾਂ ਬਾਰੇ ਭਰੋਸੇਯੋਗ ਜਾਣਕਾਰੀ ਦੀ ਜਾਂਚ ਕਰ ਰਹੀਆਂ ਹਨ। ਭਾਰਤ ਸਰਕਾਰ ਨੇ ਅਜਿਹੇ ਦੋਸ਼ਾਂ ਨੂੰ ਲਗਾਤਾਰ ਰੱਦ ਕੀਤਾ ਹੈ। ਰਿਪੋਰਟ ਵਿੱਚ 2024 ਦੀ ਉਸ ਆਰ.ਸੀ.ਐੱਮ.ਪੀ. ਪ੍ਰੈੱਸ ਕਾਨਫਰੰਸ ਦਾ ਵੀ ਹਵਾਲਾ ਦਿੱਤਾ ਗਿਆ ਹੈ ਜਿਸ ਵਿੱਚ ਕੈਨੇਡੀਅਨ ਪੁਲਸ ਅਧਿਕਾਰੀਆਂ ਨੇ ਭਾਰਤ ਸਰਕਾਰ ਦੇ ਏਜੰਟਾਂ ਨਾਲ ਕਤਲ, ਅੱਗਜ਼ਨੀ, ਜਬਰੀ ਵਸੂਲੀ ਅਤੇ ਧਮਕੀਆਂ ਵਰਗੀਆਂ ਕਥਿਤ ਹਿੰਸਕ ਸਰਗਰਮੀਆਂ ਦੇ ਸਬੰਧਾਂ ਬਾਰੇ ਦੋਸ਼ ਲਗਾਏ ਸਨ। ਭਾਰਤੀ ਅਧਿਕਾਰੀਆਂ ਨੇ ਕੈਨੇਡਾ ਵਿੱਚ ਅਪਰਾਧਿਕ ਸਰਗਰਮੀਆਂ ਨਾਲ ਸਰਕਾਰੀ ਸਬੰਧ ਹੋਣ ਦੇ ਦਾਅਵਿਆਂ ਨੂੰ "ਬੇਬੁਨਿਆਦ" ਦੱਸਿਆ ਹੈ। ਇਸੇ ਦੌਰਾਨ ਟਰਾਂਸਨੈਸ਼ਨਲ ਰਿਪ੍ਰੈਸ਼ਨ (ਸਰਹੱਦੋਂ ਪਾਰ ਦਮਨ) ਬਾਰੇ ਖੋਜ ਕਰਨ ਵਾਲੇ ਕਵੀਨਜ਼ ਯੂਨੀਵਰਸਿਟੀ ਦੇ ਸਹਾਇਕ ਪ੍ਰੋਫੈਸਰ ਅਮਰਨਾਥ ਅਮਰਸਿੰਘਮ ਨੇ ਕਾਰਨੀ ਦੀ ਟਿੱਪਣੀ ਨੂੰ ਸੁਰੱਖਿਆ ਸਬੰਧੀ ਗੰਭੀਰ ਚਿੰਤਾਵਾਂ ਨੂੰ ਕੁਝ ਹੱਦ ਤੱਕ ਹਲਕੇ ਵਿੱਚ ਲੈਣ ਵਾਲੀ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖਾਂ ਸਮੇਤ ਕਈ ਪਰਵਾਸੀ ਭਾਈਚਾਰੇ ਲੰਮੇ ਸਮੇਂ ਤੋਂ ਵਿਦੇਸ਼ੀ ਦਖ਼ਲਅੰਦਾਜ਼ੀ, ਧਮਕੀਆਂ ਅਤੇ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਾਵਾਂ ਪ੍ਰਗਟ ਕਰਦੇ ਆ ਰਹੇ ਹਨ।

ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# "ਫਾਰਮਾਸਿਸਟ ਦਿਹਾੜੇ" ਨੂੰ ਸਮਰਪਿਤ ਸਮਾਰੋਹਾਂ ਦਾ ਆਯੋਜਨ






ਤਲਵੰਡੀ ਸਾਬੋ, 29 ਸਤੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨਵਰਸਿਟੀ ਦੇ ਫਾਰਮੇਸੀ ਵਿਭਾਗ ਵੱਲੋਂ ਫਾਰਮੇਸੀ ਕੌਂਸਿਲ ਆਫ਼ ਇੰਡੀਆ ਅਤੇ ਪੰਜਾਬ ਫਾਰਮੇਸੀ ਕੌਂਸਿਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ "ਵਿਸ਼ਵ ਫਾਰਮਾਸਿਸਟ ਦਿਹਾੜਾ" ਵੱਖ-ਵੱਖ ਸਮਾਰੋਹ ਆਯੋਜਿਤ ਕਰਕੇ ਮਨਾਇਆ ਗਿਆ। ਇਸ ਮੌਕੇ ਫਾਰਮਾਸਿਸਟ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਵਿਸ਼ੇਸ਼ ਸਮਾਰੋਹਾਂ ਦਾ ਆਯੋਜਨ ਕੀਤਾ ਗਿਆ। ਜਿਸਦੇ ਉਦਘਾਟਨੀ ਸਮਾਗਮ ਵਿੱਚ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਵੱਲੋਂ "ਭਾਰਤ ਵਿੱਚ ਅਜੋਕੀ ਸਿਹਤ ਪ੍ਰਣਾਲੀ ਵਿੱਚ ਲੋੜੀਂਦਾ ਬਦਲਾਵ" ਵਿਸ਼ੇ ਤੇ ਭਾਸ਼ਣ ਦਿੱਤਾ ਗਿਆ, ਜਿਸ ਵਿੱਚ ਉਹਨਾਂ ਨੇ ਵਿਦਿਆਰਥੀਆਂ ਨੂੰ ਫਾਰਮੇਸੀ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਖੋਜਾਂ, ਨਵੀਆਂ ਤਕਨੀਕਾਂ, ਮੌਜੂਦਾ ਚੌਣਤੀਆਂ ਅਤੇ ਭਵਿੱਖੀ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਕਿ ਉੱਭਰ ਰਹੀਆਂ ਮਨਸੂਈ ਬੁੱਧੀ, ਡਿਜ਼ੀਟਲਾਈਜ਼ੇਸ਼ਨ ਤਕਨੀਕਾਂ ਅਤੇ ਰਵਾਇਤੀ ਪ੍ਰਣਾਲੀ ਦੇ ਸੁਮੇਲ ਰਾਹੀਂ ਫਾਰਮੇਸੀ ਸੇਵਾ ਬਹੁਤ ਲੋਕਾਂ ਤੱਕ ਪਹੁੰਚ ਸਕਦੀ ਹੈ। ਜਨਤਕ ਤੌਰ ਤੇ ਇਹ ਪ੍ਰਣਾਲੀ ਨੂੰ ਪ੍ਰਚਲਤ ਕਰਨ ਦੀ ਲੋੜ ਹੈ। ਪਹਿਲੇ ਦਿਨ ਪੋਸਟਰ ਮੁਕਾਬਲੇ, ਸਾਇਟੂਨ,

ਆਵਾਜ਼ਿ ਕੌਮ AWAZE QAUM International Newspaper & WEB TV

ਡਿਜ਼ੀਟਲ ਕ੍ਰੀਏਟਿਵਿਟੀ, ਰੀਲ ਮੇਕਿੰਗ, ਮੁਕਾਬਲੇ ਕਰਵਾਏ ਗਏ। ਦੂਜੇ ਦਿਨ ਵਿਦਿਆਰਥੀਆਂ ਵੱਲੋਂ ਸਮਾਜ ਨੂੰ ਸਿਹਤ ਅਤੇ ਦਵਾਈਆਂ ਸੰਬੰਧੀ ਜਾਗਰੂਕ ਕਰਦੇ, ਨਾਟਕ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ ਹੈ। ਇਸ ਦਿਨ ਕਰਵਾਏ ਗਏ ਸਲੋਗਨ ਮੁਕਾਬਲੇ, ਪੈਨਲ ਡਿਸਕਸ਼ਨ ਅਤੇ ਫਾਰਮਾ-ਕੁਇਜ਼ ਮੁਕਾਬਲੇ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਰਹੇ। ਵਾਈਸ ਚਾਂਸਲਰ ਡਾ. ਬਲਰਾਜ ਸਿੰਘ , ਪਰੋ. ਵਾਈਸ ਚਾਂਸਲਰ ਡਾ. ਧੀਮਾਨ ਅਤੇ ਡਾ. ਪੀਯੂਸ਼ ਵਰਮਾ ਨੇ ਆਪਣੇ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਦਿਵਸ ਦੇ ਮਹਤੱਤਾ ਬਾਰੇ ਚਾਨਣਾ ਪਾਇਆ। ਡੀਨ ਅਕਾਦਮਿਕ ਡਾ ਜਾਵੇਦ ਅਹਿਮਦ ਖਾਨ ਨੇ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਜੱਜ ਦੀ ਭੂਮਿਕਾ ਅਦਾ ਕੀਤੀ। ਡੀਨ ਫਾਰਮੇਸੀ ਡਾ. ਅਨੁਪਮਾ ਸੇਤੀਆ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਕਿਹਾ ਕਿ ਅਜਿਹੇ ਸਮਾਰੋਹ ਵਿਦਿਆਰਥੀਆਂ ਵਿੱਚ ਗਿਆਨ, ਰਚਨਾਤਮਕਤਾ, ਟੀਮ-ਵਰਕ, ਸੰਚਾਰ ਕੌਸ਼ਲ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਕਰਦੇ ਹਨ। ਆਯੋਜਕਾਂ ਵੱਲੋਂ ਜੇਤੂਆਂ ਨੂੰ ਸਰਟੀਫਿਕੇਟ ਅਤੇ ਟਰਾਫ਼ੀਆਂ ਨਾਲ ਸਨਮਾਨਿਤ ਕੀਤਾ ਗਿਆ।

# ਰਾਜ ਗੁਆਚਿਆ, ਵਿਰਾਸਤ ਨਹੀਂ

## ਰਾਜਕੁਮਾਰੀ ਬੰਬਾ ਸਦਰਲੈਂਡ ਦੇ ਜਨਮ ਦਿਨ 'ਤੇ




29 ਸਤੰਬਰ ਦਾ ਦਿਨ ਆਇਆ,
ਇਤਿਹਾਸ ਨੇ ਫਿਰ ਪੰਨਾ ਖੋਲ੍ਹਿਆ,
ਸ਼ੇਰ-ਏ-ਪੰਜਾਬ ਦੀ ਪੋਤੀ ਬੰਬਾ ਨੇ,
ਪੰਜਾਬ ਦਾ ਦਰਦ ਸੀ ਦਿਲ ਵਿੱਚ ਘੋਲਿਆ।



ਤਾਜ ਗਿਆ, ਤਖ਼ਤ ਵੀ ਖੋਹਿਆ ਗਿਆ,
ਲਾਹੌਰ ਦਾ ਦਰਬਾਰ ਪਰਾਇਆ ਹੋਇਆ,
ਪਰ ਰਣਜੀਤ ਸਿੰਘ ਦੀ ਵਿਰਾਸਤ ਦਾ
ਦੀਵਾ ਦਿਲ ਅੰਦਰ ਜਗਦਾ ਰਿਹਾ।

ਪਿਤਾ ਦਲੀਪ ਸਿੰਘ ਦੀ ਜਲਾਵਤਨੀ,
ਦਾਦੀ ਜਿੰਦਾਂ ਦਾ ਵਿਛੋੜਾ ਸੀ,
ਇੱਕ ਰਾਜ ਘਰਾਣੇ ਦੀਆਂ ਅੱਖਾਂ ਵਿੱਚ
ਖੁੱਸੇ ਪੰਜਾਬ ਦਾ ਝੋਰਾ ਸੀ।

ਬੰਬਾ ਆਖਦੀ ਰਹੀ,
ਇਹ ਮਿੱਟੀ
ਮੇਰੇ ਪੁਰਖਿਆਂ ਦੀ ਨਿਸ਼ਾਨੀ ਹੈ,
ਰਾਜ ਭਾਵੇਂ ਇਤਿਹਾਸ ਬਣ ਗਿਆ,
ਪਰ ਪੰਜਾਬ ਮੇਰੀ ਕਹਾਣੀ ਹੈ।

ਲੰਡਨ ਵਿੱਚ ਜਨਮ ਲਿਆ ਭਾਵੇਂ,
ਦਿਲ ਲਾਹੌਰ ਦੇ ਨਾਲ ਧੜਕਦਾ ਸੀ,
ਰਾਵੀ ਦੇ ਪਾਣੀ, ਕਿਲ੍ਹੇ ਦੀਆਂ ਕੰਧਾਂ 'ਚ
ਉਸ ਨੂੰ ਆਪਣਾ ਵਿਰਸਾ ਦਿਸਦਾ ਸੀ।

ਨਾ ਤਖ਼ਤ ਮੁੜਿਆ, ਨਾ ਰਾਜ ਮੁੜਿਆ,
ਪਰ ਦਾਅਵਾ ਕਦੇ ਖ਼ਾਮੋਸ਼ ਨਾ ਹੋਇਆ,
ਸਿੱਖ ਰਾਜ ਦੀ ਆਖ਼ਰੀ ਵਿਰਾਸਤ ਦਾ
ਚਿਰਾਗ. ਉਸਦੇ ਅੰਦਰੋਂ ਨਾ ਮੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਉਸ ਕਬਰ ਦੇ ਕੋਲ ਖੜ੍ਹ ਕੇ,
ਇਤਿਹਾਸ ਇੱਕ ਗਵਾਹੀ ਪਾਉਂਦਾ ਹੈ
ਤਖ਼ਤ ਖੁੱਸ ਗਏ, ਰਾਜ ਵੀ ਚਲੇ ਗਏ,
ਪਰ ਸਰਕਾਰਾਂ ਵਿਰਸਾ ਕਦੇ ਨਾ ਮਿਟਾ ਸਕੀਆਂ।

ਬੰਬਾ ਚਲੀ ਗਈ, ਪਰ ਚਿਣਗ ਛੱਡ ਗਈ,
ਨਾ ਯਾਦ ਮਰੀ, ਨਾ ਪਛਾਣ ਮਰੀ,
ਤਖ਼ਤ ਖੁੱਸ ਗਿਆ, ਸਲਤਨਤ ਵੀ ਚਲੀ ਗਈ,
ਪਰ ਰਣਜੀਤ ਸਿੰਘ ਦੀ ਵਿਰਾਸਤ ਅੱਜ ਵੀ ਨਹੀਂ ਮਰੀ।

ਸਾਬੀ ਆਖੇ
ਉਹ ਚਿਣਗ ਅਜੇ ਬੁਝੀ ਨਹੀਂ,
ਸਿੱਖ ਮਨਾਂ 'ਚ ਰਾਜ ਦੀ ਤਾਂਘ
ਅੱਜ ਵੀ ਜਗਦੀ, ਅੱਜ ਵੀ ਮਰੀ ਨਹੀਂ।

**-ਸਾਬੀ ਬਨੂੜ**

# ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਪੰਜਾਬ ਅਤੇ ਪੰਜਾਬੀਅਤ ਨੂੰ ਦਿਲੋਂ ਪਿਆਰ ਕਰਦੇ ਹਨ: ਨੀਲੂ ਮਿੱਤਲ

ਧੂਰੀ ( ਰਣਜੀਤ ਸਿੰਘ ਪੇਧਨੀ ) ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਜੀ ਜਲੰਧਰ ਵਿਖੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਨ ਦੇ ਲਈ ਆ ਰਹੇ ਉਹਨਾਂ ਦਾ ਪੰਜਾਬ ਆਉਣਾ ਅਤੇ ਪੰਜਾਬ ਪੰਜਾਬੀਅਤ ਨੂੰ ਪਿਆਰ ਕਰਨਾ ਕਾਬਲ ਏ ਤਰੀਫ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਕ੍ਰਿਸਨ ਗੋਪਾਲ ਨੀਲੂ ਮਿੱਤਲ ਜ਼ਿਲ੍ਹਾ ਸਪੋਕਸਪ੍ਰਸਨ ਨੇ ਕੀਤਾ। ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈ ਗਈ ਨਸ਼ਿਆਂ ਖਿਲਾਫ ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈ ਗਈ ਨਸ਼ਿਆਂ



ਆਵਾਜ਼ਿ ਕੌਮ AWAZE QAUM International Newspaper & WEB TV

ਖਿਲਾਫ਼ ਨਸ਼ਾ ਮੁਕਤ ਮੁਹਿੰਮ ਨੂੰ ਪੂਰੇ ਪੰਜਾਬ ਵਿੱਚ ਭਰਮਾ ਹੁੰਗਾਰਾ ਮਿਲ ਰਿਹਾ ਲੋਕ ਆਪ ਮੁਹਾਰੇ ਇਸ ਮੁਹਿੰਮ ਵਿੱਚ ਸ਼ਾਮਿਲ ਹੋ ਰਹੇ ਤੇ ਭਾਰਤੀ ਜਨਤਾ ਪਾਰਟੀ ਦਾ ਗਰਾਫ ਦਿਨੋ ਦਿਨ ਵੱਧਦਾ ਹੀ ਜਾ ਰਿਹਾ। ਉਹਨਾਂ ਕਿਹਾ ਕਿ ਇਹ ਹਜੇ ਟਰੇਲਰ ਹੈ ਆਉਣ ਵਾਲੇ ਸਮੇਂ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਦੇ ਲਈ ਵੱਡੇ ਪੈਕਜ ਦੇ ਐਲਾਨ ਕੀਤੇ ਜਾਣੇ ਹਨ, ਉਹਨਾਂ ਨੂੰ ਦੇਖਦਿਆਂ ਹੋਇਆਂ ਪੂਰਾ ਪੰਜਾਬ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਹੋ ਜਾਵੇਗਾ। ਜਿਸ ਨੂੰ ਲੈ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਕੇ ਨਿਰੋਲ ਸਰਕਾਰ ਬਣਾਉਗੇ।

ਅਮਰੀਕੀ ਕਾਂਗਰਸ 'ਚ ਗੂੰਜੀ ਸਿੱਖਾਂ ਦੀ ਆਵਾਜ਼: ਕਾਂਗਰਸਮੈਨ ਮੀਕਸ ਸਾਹਮਣੇ

# ਟਰਾਂਸਨੈਸ਼ਨਲ ਰਿਪ੍ਰੈਸ਼ਨ, ਨਸਲੀ ਪੱਖਪਾਤ ਤੇ ਧਾਰਮਿਕ ਆਜ਼ਾਦੀ ਦੇ ਉਠਾਏ ਮੁੱਦੇ

ਨਵੀਂ ਦਿੱਲੀ 29 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਕਾਕਸ ਕਮੇਟੀ ਯੂਐੱਸਏ ਅਤੇ ਸਿੱਖ ਕੋਆਰਡੀਨੇਸ਼ਨ ਕਮੇਟੀ ਯੂਐੱਸਏ ਵੱਲੋਂ ਨਿਊਯਾਰਕ ਦੇ ਪੰਜਵੇਂ ਕਾਂਗਰੈਸ਼ਨਲ ਜ਼ਿਲ੍ਹੇ ਦੇ ਕਾਂਗਰਸਮੈਨ ਗ੍ਰੈਗਰੀ ਡਬਲਯੂ.ਮੀਕਸ ਲਈ ਸਾਂਝਾ ਫੰਡਰੇਜ਼ਿੰਗ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਸਿੱਖ ਭਾਈਚਾਰੇ ਦੇ ਆਗੂਆਂ, ਪੰਥਕ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਅਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਕਾਂਗਰਸਮੈਨ ਮੀਕਸ ਨੇ ਨਾਗਰਿਕ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਘੱਟਗਿਣਤੀ ਭਾਈਚਾਰਿਆਂ ਦੀ ਸੁਰੱਖਿਆ ਨਾਲ ਸਬੰਧਤ ਮੁੱਦਿਆਂ 'ਤੇ ਵਿਚਾਰ ਸਾਂਝੇ ਕੀਤੇ ਅਤੇ ਸਿੱਖ ਭਾਈਚਾਰੇ ਵੱਲੋਂ ਉਠਾਏ ਸਵਾਲਾਂ ਦੇ ਜਵਾਬ ਦਿੱਤੇ। ਡਾ. ਅਮਰਜੀਤ ਸਿੰਘ ਨੇ ਅਮਰੀਕੀ ਨਾਗਰਿਕ ਅਧਿਕਾਰ ਲਹਿਰ ਦੇ ਆਗੂ ਡਾ. ਮਾਰਟਿਨ ਲੂਥਰ ਕਿੰਗ ਜੂਨੀਅਰ ਦੇ ਸੰਘਰਸ਼ ਦਾ ਹਵਾਲਾ ਦਿੰਦਿਆਂ ਬਰਾਬਰੀ, ਇਨਸਾਫ਼ ਅਤੇ ਘੱਟਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਨੂੰ ਅਮਰੀਕੀ ਲੋਕਤੰਤਰ ਦੀ ਬੁਨਿਆਦੀ ਜ਼ਿੰਮੇਵਾਰੀ ਦੱਸਿਆ। ਸਮਾਗਮ ਦੌਰਾਨ ਸਿੱਖ ਭਾਈਚਾਰੇ ਨਾਲ ਸਬੰਧਤ ਕਈ ਗੰਭੀਰ ਮਸਲੇ ਕਾਂਗਰਸਮੈਨ ਮੀਕਸ ਸਾਹਮਣੇ ਰੱਖੇ ਗਏ। ਵਿਦੇਸ਼ੀ ਸਰਕਾਰਾਂ ਵੱਲੋਂ ਅਮਰੀਕੀ ਧਰਤੀ 'ਤੇ ਸਿੱਖ ਕਾਰਕੁਨਾਂ ਅਤੇ ਆਗੂਆਂ ਨੂੰ ਕਥਿਤ ਤੌਰ 'ਤੇ ਨਿਸ਼ਾਨਾ ਬਣਾਉਣ, ਧਮਕਾਉਣ ਅਤੇ ਹਿੰਸਕ ਸਾਜ਼ਿਸ਼ਾਂ ਦੇ ਦੋਸ਼ਾਂ ਸਬੰਧੀ ਫੈਡਰਲ ਪੱਧਰ 'ਤੇ ਠੋਸ ਕਾਰਵਾਈ ਦੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਆਰ.ਐੱਸ.ਐੱਸ. ਨਾਲ ਸਬੰਧਤ ਗਤੀਵਿਧੀਆਂ ਅਤੇ ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਵੱਲੋਂ ਜਾਰੀ ਵਿਵਾਦਿਤ "ਮਿਸਟਰ ਸਿੰਘ" ਪੋਸਟ ਦਾ ਮਾਮਲਾ ਵੀ ਉਠਾਇਆ ਗਿਆ।ਬੁਲਾਰਿਆਂ ਨੇ ਕਿਹਾ ਕਿ ਸਰਕਾਰੀ ਸੰਚਾਰ ਵਿੱਚ ਕਿਸੇ ਇੱਕ ਵਿਅਕਤੀ ਦੇ ਮਾਮਲੇ ਨੂੰ ਸਮੁੱਚੇ ਸਿੱਖ ਭਾਈਚਾਰੇ ਜਾਂ "ਸਿੰਘ" ਪਛਾਣ ਨਾਲ ਜੋੜਨਾ ਭੇਦਭਾਵ ਅਤੇ ਨਸਲੀ ਪੱਖਪਾਤ ਦੀਆਂ ਚਿੰਤਾਵਾਂ ਪੈਦਾ ਕਰਦਾ ਹੈ। ਸਿੱਖ ਨੌਜਵਾਨ ਪੀੜ੍ਹੀ ਦੀ ਨੁਮਾਇੰਦਗੀ ਕਰਦਿਆਂ ਅਵਿਨਾਸ਼ ਕੌਰ ਨੇ ਵੀ ਕਾਂਗਰਸਮੈਨ ਨੂੰ ਅਹਿਮ ਸਵਾਲ ਪੁੱਛੇ, ਜਿਨ੍ਹਾਂ ਦੇ ਉਨ੍ਹਾਂ ਵੱਲੋਂ ਜਵਾਬ ਦਿੱਤੇ ਗਏ। ਸਮਾਗਮ ਵਿੱਚ ਸੰਯੁਕਤ ਰਾਜ ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਕਮਿਸ਼ਨ ਦੇ ਚੇਅਰ ਡਾ. ਆਸਿਫ ਮਹਿਮੂਦ, ਨਵ-ਨਿਯੁਕਤ ਫੈਡਰਲ ਕਮਿਸ਼ਨਰ





ਡਾ. ਗੁਨੀਸ਼ਾ ਕੌਰ ਅਤੇ ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਸ. ਹਿੰਮਤ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਡਾ. ਗੁਨੀਸ਼ਾ ਕੌਰ ਦੀ ਹਾਜ਼ਰੀ ਨੂੰ ਫੈਡਰਲ ਪੱਧਰ 'ਤੇ ਸਿੱਖ ਨੁਮਾਇੰਦਗੀ ਦੇ ਮਹੱਤਵਪੂਰਨ ਪੱਖ ਵਜੋਂ ਦਰਸਾਇਆ ਗਿਆ।ਆਯੋਜਕਾਂ ਨੇ ਕਿਹਾ ਕਿ ਸਮਾਗਮ ਦਾ ਮਕਸਦ ਸਿਰਫ਼ ਰਾਜਨੀਤਿਕ ਫੰਡ ਇਕੱਠਾ ਕਰਨਾ ਨਹੀਂ, ਸਗੋਂ ਸਿੱਖ ਭਾਈਚਾਰੇ ਦੀ ਲੋਕਤੰਤਰਿਕ ਭਾਗੀਦਾਰੀ ਮਜ਼ਬੂਤ ਕਰਨਾ ਅਤੇ ਚੁਣੇ ਹੋਏ ਨੁਮਾਇੰਦਿਆਂ ਤੱਕ ਸਿੱਖ ਮਸਲਿਆਂ ਦੀ ਆਵਾਜ਼ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ। ਉਨ੍ਹਾਂ ਸਿੱਖ ਭਾਈਚਾਰੇ ਨੂੰ ਵੋਟਰ ਰਜਿਸਟ੍ਰੇਸ਼ਨ, ਨਾਗਰਿਕ ਭਾਗੀਦਾਰੀ ਅਤੇ ਨੀਤੀ-ਨਿਰਧਾਰਕਾਂ ਨਾਲ ਸਿੱਧੇ ਸੰਪਰਕ ਰਾਹੀਂ ਮਨੁੱਖੀ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਬਰਾਬਰੀ ਦੇ ਮੁੱਦਿਆਂ 'ਤੇ ਆਪਣੀ ਆਵਾਜ਼ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੋਂ

# ਵਾਰਡ ਨਿਵਾਸੀ ਪੂਰੀ ਤਰ੍ਹਾਂ ਖੁਸ਼ ਸਿਮਰਨ ਕੌਰ : ਐਮਸੀ



ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਖ-ਵੱਖ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਵਾਰਡ ਨੰਬਰ 7 ਤੋਂ ਐਮਸੀ ਸਿਮਰਨ ਕੌਰ ਪਤਨੀ ਜੁਗਨੂੰ ਸਲੀਮ ਨੂੰਹ ਮੱਖਣ ਕੂੱਕ ਦੀ ਅਗਵਾਈ ਹੇਠ ਆਪਣੇ ਵਾਰਡ ਦੇ ਵਾਸੀਆਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ ਕੀਤੀ ਗਈ। ਬੱਸ ਨੂੰ ਰਵਾਨਾ ਕਰਦਿਆਂ ਐਮਸੀ ਸਿਮਰਨ ਕੌਰ ਪਤਨੀ ਜੁਗਨੂੰ ਸਲੀਮ ਨੂੰਹ ਮੱਖਣ ਕੂੱਕ ਨੇ ਕਿਹਾ ਕਿ ਇਹ ਬੱਸਾਂ ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਲੈ ਕੇ ਜਾ ਰਹੀਆ ਹਨ ਜੋ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਹ ਉਪਰਾਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤਾਂ ਜੋ ਉਹ ਬਿਨਾਂ ਕਿਸੇ ਵਿੱਤੀ ਬੋਝ ਦੇ ਆਪਣੀ ਤੀਰਥ ਯਾਤਰਾ ਦੀ ਇੱਛਾ ਪੂਰੀ ਕਰ ਸਕਣ। ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਯਾਤਰਾ ਕਰ ਸਕਦੇ ਹਨ। ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਏ.ਸੀ. ਸਲੀਪਰ ਬੱਸ ਯਾਤਰਾ ਦੇ ਨਾਲ-ਨਾਲ ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਵੀ ਮੁਫ਼ਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਅਤੇ ਸਮਾਜਿਕ ਭਾਵਨਾਵਾਂ ਦਾ ਸਨਮਾਨ ਕਰਦਿਆਂ ਅਜਿਹੇ ਲੋਕ-ਪੱਖੀ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇਗੀ।

# ਡੀ.ਆਈ.ਜੀ, ਡੀ.ਸੀ, ਐੱਸ.ਐੱਸ.ਪੀ. ਨੇ ਕੀਤੀ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ ਮੁਲਾਕਾਤ

## ਵਿਦਿਆਰਥੀਆਂ ਨੂੰ ਅਫਵਾਹਾਂ 'ਤੇ ਯਕੀਨ ਨਾ ਕਰਨ ਅਤੇ ਸੋਸ਼ਲ ਮੀਡੀਆ 'ਤੇ ਨਸ਼ਰ ਹੋਈਆਂ ਖ਼ਬਰਾਂ 'ਤੇ ਬਿਨਾਂ ਪ੍ਰਮਾਣਿਕਤਾ ਤੋਂ ਨਾ ਕੀਤਾ ਜਾਵੇ ਯਕੀਨ





ਤਲਵੰਡੀ ਸਾਬੋ, 29 ਸਤੰਬਰ (ਗੁਰਜੰਟ ਸਿੰਘ ਨਥੇਹਾ)- ਡੀ.ਆਈ.ਜੀ ਬਠਿੰਡਾ ਰੇਂਜ ਸ਼੍ਰੀ ਹਰਜੀਤ ਸਿੰਘ, ਐੱਸ.ਐੱਸ.ਪੀ ਬਠਿੰਡਾ ਸ਼੍ਰੀ ਸੁਹੇਲ ਕਾਸਿਮ ਮੀਰ ਅੱਜ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਵਿਦਿਆਰਥੀਆਂ ਦੇ ਰੂਬਰੂ ਹੋਏ। ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਵਿਖੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਅਫਵਾਹਾਂ ਉੱਤੇ ਵਿਸ਼ਵਾਸ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਇੱਕ ਥਾਂ 'ਤੇ ਵਾਪਰੀ ਘਟਨਾ ਦੀ ਜਾਣਕਾਰੀ ਦੂਜੀ ਥਾਂ 'ਤੇ ਬਹੁਤ ਤੇਜੀ ਨਾਲ ਪਹੁੰਚ ਜਾਂਦੀ ਹੈ, ਜਿਸ ਦੌਰਾਨ ਜਾਣਕਾਰੀ ਦੀ ਪ੍ਰਮਾਣਿਕਤਾ ਦੀ ਜਾਂਚ ਕਰਨ ਦਾ ਸਮਾਂ ਘੱਟ ਮਿਲਦਾ ਹੈ। ਇਸ ਕਰਕੇ ਇਹ ਜ਼ਰੂਰੀ ਹੈ ਕਿ ਕਿਸੇ ਵੀ ਖ਼ਬਰ, ਖਾਸਕਰ ਸੋਸ਼ਲ ਮੀਡੀਆ 'ਤੇ ਨਸ਼ਰ ਹੋਈਆਂ ਖ਼ਬਰਾਂ 'ਤੇ ਕਿਸੇ ਵੀ ਕਿਸਮ ਦੀ ਪ੍ਰਕਿਰਿਆ ਦੇਣ ਤੋਂ ਪਹਿਲਾਂ ਉਸ ਦੀ ਪ੍ਰਮਾਣਿਕਤਾ ਦੀ ਜਾਂਚ ਕਰਨੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਠਿੰਡਾ ਦਾ ਸਿਵਿਲ ਅਤੇ ਪੁਲਸ ਪ੍ਰਸ਼ਾਸਨ ਵਿਦਿਆਰਥੀਆਂ ਲਈ ਹਰ ਸਮਾਂ ਉਪਲੱਬਧ ਹੈ। ਜੇਕਰ ਵਿਦਿਆਰਥੀਆਂ ਨੂੰ ਕਿਸੇ ਪ੍ਰਕਾਰ ਦੀ ਮਦਦ ਦੀ ਲੋੜ ਹੈ ਤਾਂ ਉਹ 112 ਜਾਂ 0164-2214006 ਨੰਬਰ ਪੁਲਸ ਨਾਲ ਸੰਪਰਕ ਕਰ ਸਕਦੇ ਹਨ। ਨਾਲ ਹੀ ਜੇਕਰ ਕੋਈ ਵਟਸਐਪ 'ਤੇ ਪੁਲਿਸ ਨਾਲ ਸੰਪਰਕ ਕਰਨਾ ਚਾਹੀਦਾ ਹੈ ਤਾਂ ਉਹ 7508009080, 9878421400 'ਤੇ ਮੈਸੇਜ ਭੇਜ ਸਕਦਾ ਹੈ। ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਆਪਣੀ ਸਮੱਸਿਆਵਾਂ ਸਾਂਝੀਆਂ ਕੀਤੀਆਂ। ਇਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਡਾ. ਬਲਰਾਜ ਸਿੰਘ ਵਾਇਸ ਚਾਂਸਲਰ, ਡਾ. ਜਗਤਾਰ ਸਿੰਘ ਧੀਮਾਨ ਪ੍ਰੋ: ਵਾਇਸ ਚਾਂਸਲਰ ਹਾਜ਼ਰ ਸਨ।

## ਸਮੂਹ ਮਨੁੱਖੀ ਅਧਿਕਾਰ ਜਥੇਬੰਦੀਆਂ, ਰਾਜਸੀ ਪਾਰਟੀਆਂ, ਸਮਾਜਿਕ ਸੰਸਥਾਵਾਂ ਅਤੇ ਸਿੱਖ ਸੰਗਤਾਂ 'ਬੰਦੀ ਸਿੰਘ ਰਿਹਾਈ ਮਾਰਚ' ਵਿੱਚ ਸ਼ਾਮਲ ਹੋਣ - ਗਿਆਨੀ ਹਰਪ੍ਰੀਤ ਸਿੰਘ

# ਮਾਰਚ ਦੀ ਸ਼ੁਰੂਆਤ 2 ਅਕਤੂਬਰ ਨੂੰ 9 ਵਜੇ ਗੁਰਦੁਆਰਾ ਫਤਹਿਗੜ੍ਹ ਸਾਹਿਬ ਤੋਂ ਹੋਵੇਗੀ

**ਚੰਡੀਗੜ੍ਹ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸਮੂਹ ਮਨੁੱਖੀ ਅਧਿਕਾਰ ਜਥੇਬੰਦੀਆਂ, ਰਾਜਸੀ ਪਾਰਟੀਆਂ, ਸਮਾਜਿਕ ਸੰਸਥਾਵਾਂ ਅਤੇ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਬੰਦੀ ਸਿੰਘ ਰਿਹਾਈ ਮਾਰਚ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਅਤੇ ਆਪਣੀ ਕੈਦ ਤੋਂ ਦੁੱਗਣਾ ਸਮਾਂ ਜੇਲ੍ਹ ਵਿੱਚ ਬਿਤਾ ਚੁੱਕੇ ਸਿੰਘਾਂ ਦੀ ਰਿਹਾਈ ਲਈ ਜੋਰਦਾਰ ਅਵਾਜ ਉਠਾਉਣ ਤਾਂ ਜੋ ਸਰਕਾਰਾਂ ਦੇ ਬੋਲੇ ਕੰਨ ਖੁਲ੍ਹ ਜਾਣ। ਬੰਦੀ ਸਿੰਘਾਂ ਦੀ ਰਿਹਾਈ ਲਈ ਇਸ ਮਾਰਚ ਦੀ ਕਾਲ ਕੌਮੀ ਇਨਸਾਫ ਮੋਰਚੇ ਵੱਲੋਂ ਦਿੱਤੀ ਗਈ ਹੈ ਜੋ 2 ਅਕਤੂਬਰ ਨੂੰ ਫਤਿਹਗੜ੍ਹ ਸਾਹਿਬ ਤੋਂ ਸ਼ੁਰੂ ਹੋ ਕੇ 3 ਅਕਤੂਬਰ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਜਾ ਕੇ ਸਮਾਪਤ ਹੋਵੇਗਾ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਮਾਰਚ ਦਾ ਮਕਸਦ ਬੰਦੀ ਸਿੰਘਾਂ ਦੀ ਰਿਹਾਈ ਦੇ ਮਸਲੇ ਨੂੰ ਆਮ ਲੋਕਾਂ ਵਿੱਚ ਲੈ ਕੇ ਜਾਣਾ ਅਤੇ ਤਖਤ ਸਾਹਿਬ 'ਤੇ ਪਹੁੰਚ ਕੇ ਗੁਰੂ ਪਾਤਸ਼ਾਹ ਅੱਗੇ ਉਹਨਾਂ ਸਿੰਘਾਂ ਦੀ ਰਿਹਾਈ ਦੀ ਅਰਦਾਸ ਕਰਨਾ ਹੈ। ਕਿਉਂਕਿ ਸਰਕਾਰਾਂ ਦਾ ਵਤੀਰਾ ਬਹੁਤ ਹੀ ਅੜੀਅਲ ਬਣ ਚੁੱਕਿਆ ਹੈ। ਇਸ ਲਈ ਇਸ ਮਾਰਚ ਵਿੱਚ ਸਾਰੇ ਪੰਜਾਬੀ ਵੱਧ ਚੜ੍ਹ ਕੇ ਭਾਗ ਲੈਣ। ਮਨੁੱਖ ਹੱਕਾਂ ਦੀ ਲੜਾਈ ਲੜਨਾਂ ਪੰਜਾਬੀਆਂ ਦਾ ਇਤਿਹਾਸ ਰਿਹਾ ਹੈ। ਪ੍ਰੈਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਸ਼ਾ ਮੁਕਤ ਪੰਜਾਬ ਲਈ ਸੜਕ 'ਤੇ ਭਾਜਪਾ

# 'ਆਪ' ਸਰਕਾਰ ਨੇ ਪੰਜਾਬ ਨੂੰ ਨਸ਼ਾ ਯੁਕਤ ਤੇ ਵਿਕਾਸ ਮੁਕਤ ਬਣਾਇਆ: ਪ੍ਰੋ. ਐਸ.ਪੀ. ਸਿੰਘ ਬਘੇਲ





**ਸ਼ਾਹਕੋਟ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਸ਼ਾਹਕੋਟ ਵਿਖੇ ਕਰਵਾਈ ਗਈ ਜਨਸਭਾ ਨੂੰ ਸੰਬੋਧਨ ਕਰਦਿਆਂ ਕੇਂਦਰੀ ਰਾਜ ਮੰਤਰੀ ਪ੍ਰੋ. ਐਸ.ਪੀ. ਸਿੰਘ ਬਘੇਲ ਨੇ ਕਿਹਾ ਕਿ ਭਾਜਪਾ ਨਸ਼ਾ ਮੁਕਤ ਅਤੇ ਵਿਕਾਸ ਯੁਕਤ ਪੰਜਾਬ ਚਾਹੁੰਦੀ ਹੈ, ਜਦਕਿ 'ਆਪ' ਸਰਕਾਰ ਨੇ ਪੰਜਾਬ ਨੂੰ ਨਸ਼ਾ ਯੁਕਤ ਅਤੇ ਵਿਕਾਸ ਮੁਕਤ ਕਰ ਦਿੱਤਾ ਹੈ। ਹੁਣ ਫੈਸਲਾ ਪੰਜਾਬ ਦੇ ਲੋਕਾਂ ਨੇ ਕਰਨਾ ਹੈ ਕਿ ਉਹ ਕਿਹੋ ਜਿਹਾ ਪੰਜਾਬ ਚਾਹੁੰਦੇ ਹਨ।

> ☛ ਨਸ਼ੇ ਨੇ ਪੰਜਾਬ ਦੇ ਪੁੱਤ ਹੀ ਨਹੀਂ, ਪੂਰੇ ਪਰਿਵਾਰਾਂ ਦੀ ਰੀੜ੍ਹ ਤੋੜ ਦਿੱਤੀ; ਭਾਜਪਾ ਹੁਣ ਘਰ-ਘਰ ਜਾ ਕੇ ਨਸ਼ਾ ਮੁਕਤ ਪੰਜਾਬ ਦਾ ਹੋਕਾ ਦੇਵੇਗੀ ☛ 'ਯੁੱਧ ਨਸ਼ਿਆਂ ਵਿਰੁੱਧ' ਦਾ ਨਾਅਰਾ ਅਖ਼ਬਾਰੀ ਇਸ਼ਤਿਹਾਰਾਂ ਤੱਕ ਸੀਮਤ; ਨੀਅਤ ਵੀ ਸਾਫ਼ ਨਹੀਂ, ਨੀਤੀ ਵੀ ਨਹੀਂ: ਅਵਿਨਾਸ਼ ਰਾਏ ਖੰਨਾ

ਪ੍ਰੋ. ਬਘੇਲ ਨੇ ਕਿਹਾ ਕਿ ਇਹ ਯਾਤਰਾ ਮਹਿਜ਼ ਸਿਆਸੀ ਪ੍ਰੋਗਰਾਮ ਨਹੀਂ, ਸਗੋਂ ਉਨ੍ਹਾਂ ਮਾਵਾਂ ਦੀ ਪੁਕਾਰ ਤੇ ਪੀੜ ਦੀ ਆਵਾਜ਼ ਹੈ, ਜਿਨ੍ਹਾਂ ਨੇ ਨਸ਼ਿਆਂ ਕਾਰਨ ਆਪਣੇ ਪੁੱਤ ਗੁਆ ਦਿੱਤੇ; ਉਨ੍ਹਾਂ ਪਿਉਆਂ ਦਾ ਦਰਦ ਹੈ, ਜਿਨ੍ਹਾਂ ਦੇ ਪਰਿਵਾਰ ਉੱਜੜ ਗਏ ਅਤੇ ਉਨ੍ਹਾਂ ਘਰਾਂ ਦੀ ਵੇਦਨਾ ਹੈ, ਜਿਨ੍ਹਾਂ ਦੀ ਜ਼ਿੰਦਗੀ ਨਸ਼ਿਆਂ ਨੇ ਤਬਾਹ ਕਰ ਦਿੱਤੀ। ਉਨ੍ਹਾਂ ਕਿਹਾ ਕਿ ਇਹ ਬੇਹੱਦ ਦੁਖਦਾਈ ਹੈ ਕਿ ਜਿਹੜਾ ਪੰਜਾਬ ਦੇਸ਼ ਨੂੰ ਸੈਨਿਕ, ਕਿਸਾਨ, ਖਿਡਾਰੀ ਅਤੇ ਹੋਣਹਾਰ ਨੌਜਵਾਨ ਦਿੰਦਾ ਰਿਹਾ, ਅੱਜ ਉਸ ਦੇ ਨੌਜਵਾਨਾਂ ਦੀ ਨਸ਼ਿਆਂ ਨਾਲ ਬਰਬਾਦੀ ਦੀਆਂ ਤਸਵੀਰਾਂ ਸਾਹਮਣੇ ਆ ਰਹੀਆਂ ਹਨ।

ਉਨ੍ਹਾਂ ਕਿਹਾ, "ਪੰਜਾਬ ਆਪਣੇ ਗੁਰੂਆਂ ਤੇ ਸੰਤਾਂ, ਬਹਾਦਰ ਸੈਨਿਕਾਂ, ਖੇਤੀਬਾੜੀ, ਦੁੱਧ-ਡੇਅਰੀ, ਕਬੱਡੀ, ਹਾਕੀ ਅਤੇ ਫੌਜੀ ਸ਼ੌਰਿਆ ਲਈ ਜਾਣਿਆ ਜਾਂਦਾ ਸੀ। ਅੱਜ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਨਾਲ ਬਰਬਾਦ ਹੁੰਦੇ ਦੇਖਣਾ ਬੇਹੱਦ ਦੁਖਦਾਈ ਹੈ।"

ਪ੍ਰੋ. ਬਘੇਲ ਨੇ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨੂੰ ਬਰਬਾਦ ਨਹੀਂ ਕਰਦਾ, ਸਗੋਂ ਪੂਰੇ ਪਰਿਵਾਰ ਨੂੰ ਤੋੜ ਦਿੰਦਾ ਹੈ। ਨਸ਼ਿਆਂ ਕਾਰਨ ਘਰੇਲੂ ਝਗੜੇ, ਹਿੰਸਾ, ਮਾਪਿਆਂ ਨਾਲ ਦੁਰਵਿਵਹਾਰ, ਪਰਿਵਾਰਕ ਜਾਇਦਾਦ ਗਹਿਣੇ ਰੱਖਣ ਅਤੇ ਘਰਾਂ ਦੇ ਬਿਖਰਨ ਦੀਆਂ ਘਟਨਾਵਾਂ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਸਵਾਲ ਕੀਤਾ ਕਿ ਜੇ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਚਲੀ ਗਈ ਤਾਂ ਖੇਤਾਂ ਵਿੱਚ ਕੌਣ ਕੰਮ ਕਰੇਗਾ, ਸਰਹੱਦਾਂ ਦੀ ਰਾਖੀ ਕੌਣ ਕਰੇਗਾ ਅਤੇ ਖੇਡ ਮੈਦਾਨਾਂ ਵਿੱਚ ਪੰਜਾਬ ਦਾ ਨਾਮ ਕੌਣ ਰੌਸ਼ਨ ਕਰੇਗਾ?

ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਸੰਕਲਪ ਨਾਲ ਵੱਡੇ ਪੱਧਰ 'ਤੇ ਲੋਕਾਂ ਤੱਕ ਪਹੁੰਚ ਰਹੀ ਹੈ। "ਸਿਰਫ਼ ਨਸ਼ੇ ਦੀ ਖੇਪ ਫੜਨਾ ਕਾਫ਼ੀ ਨਹੀਂ। ਪੂਰੀ ਡਰੱਗ ਸਪਲਾਈ ਚੇਨ, ਤਸਕਰੀ ਦੇ ਨੈੱਟਵਰਕ ਅਤੇ ਇਸ ਦੇ ਪਿੱਛੇ ਕੰਮ ਕਰ ਰਹੇ ਪੂਰੇ ਤੰਤਰ ਨੂੰ ਤਹਿਸ-ਨਹਿਸ ਕਰਨਾ ਹੋਵੇਗਾ।" ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵਿੱਚ ਸਮਰੱਥਾ ਹੈ, ਪਰ ਉਸ ਨੂੰ ਮਜ਼ਬੂਤ ਸਿਆਸੀ ਹਮਾਇਤ ਅਤੇ ਦ੍ਰਿੜ੍ਹ ਇੱਛਾ-ਸ਼ਕਤੀ ਦੀ ਲੋੜ ਹੈ।

ਕਾਨੂੰਨ-ਵਿਵਸਥਾ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਪ੍ਰੋ. ਬਘੇਲ ਨੇ ਕਿਹਾ ਕਿ ਫਿਰੌਤੀ ਦੀਆਂ ਕਾਲਾਂ, ਔਰਤਾਂ ਤੋਂ ਗਹਿਣੇ ਲੁੱਟਣ ਦੀਆਂ ਘਟਨਾਵਾਂ ਅਤੇ ਹੋਰ ਅਪਰਾਧ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਸਵਾਲ ਕੀਤਾ ਕਿ ਅਜਿਹੇ ਹਾਲਾਤਾਂ ਦਰਮਿਆਨ ਮੁੱਖ ਮੰਤਰੀ ਭਗਵੰਤ ਮਾਨ ਕਿਵੇਂ ਬੇਫ਼ਿਕਰ ਰਹਿ ਸਕਦੇ ਹਨ।

ਉਨ੍ਹਾਂ ਨਸ਼ਿਆਂ ਦੀ ਸਮੱਸਿਆ ਨੂੰ ਬੇਰੁਜ਼ਗਾਰੀ ਅਤੇ ਪੰਜਾਬ ਦੇ ਨੌਜਵਾਨਾਂ ਦੇ ਵਿਦੇਸ਼ ਜਾਣ ਨਾਲ ਵੀ ਜੋੜਿਆ। ਉਨ੍ਹਾਂ ਕਿਹਾ, "ਪੰਜਾਬ ਦੇ ਨੌਜਵਾਨਾਂ ਨੂੰ ਨਸ਼ਾ ਨਹੀਂ, ਮੌਕੇ ਚਾਹੀਦੇ ਹਨ; ਨਸ਼ੇ ਦੀ ਲਤ ਨਹੀਂ, ਰੁਜ਼ਗਾਰ ਚਾਹੀਦਾ ਹੈ।" ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਪੰਜਾਬ ਵਿੱਚ ਹੀ ਰੁਜ਼ਗਾਰ, ਸੁਰੱਖਿਆ ਅਤੇ ਬਿਹਤਰ ਭਵਿੱਖ ਦੀ ਆਸ ਮੁਹੱਈਆ ਕਰਵਾਈ ਜਾਣੀ ਚਾਹੀਦੀ ਹੈ।

ਪ੍ਰੋ. ਬਘੇਲ ਨੇ ਕਿਹਾ ਕਿ ਪੰਜਾਬ ਅਤੇ ਸਿੱਖ ਕੌਮ ਨੇ ਇਤਿਹਾਸਕ ਤੌਰ 'ਤੇ ਵਿਦੇਸ਼ੀ ਹਮਲਾਵਰਾਂ ਅਤੇ ਬਸਤੀਵਾਦੀ ਹਕੂਮਤ ਦਾ ਮੁਕਾਬਲਾ ਕੀਤਾ ਅਤੇ ਦੇਸ਼ ਦੀ ਰੱਖਿਆ ਤੇ ਅੰਤਰਰਾਸ਼ਟਰੀ ਖੇਡਾਂ ਵਿੱਚ ਵੱਡਾ ਯੋਗਦਾਨ ਪਾਇਆ। ਉਨ੍ਹਾਂ ਕਿਹਾ, "ਅੱਜ ਪੰਜਾਬ ਨੂੰ ਇੱਕ ਹੋਰ ਜੰਗ ਲੜਨੀ ਹੈ—ਨਸ਼ਿਆਂ ਦੇ ਖ਼ਿਲਾਫ਼। ਇਹ ਕਿਸੇ ਇੱਕ ਸਿਆਸੀ ਪਾਰਟੀ ਦੀ ਲੜਾਈ ਨਹੀਂ, ਸਗੋਂ ਪੰਜਾਬ ਦੀ ਅਗਲੀ ਪੀੜ੍ਹੀ ਨੂੰ ਬਚਾਉਣ ਦੀ ਲੜਾਈ ਹੈ।"

ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਮਿਹਨਤ, ਸੇਵਾ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੰਦੀਆਂ ਹਨ। ਪੰਜਾਬ ਨੂੰ ਅੱਜ "ਦੁੱਧ-ਡੇਅਰੀ, ਖੇਡਾਂ, ਸਿੱਖਿਆ, ਰੁਜ਼ਗਾਰ ਅਤੇ ਤਮਗਿਆਂ ਦਾ ਨਸ਼ਾ ਚਾਹੀਦਾ ਹੈ, ਡਰੱਗਜ਼ ਦਾ ਨਹੀਂ।"

ਪ੍ਰੋ. ਬਘੇਲ ਨੇ ਕਿਹਾ ਕਿ ਭਾਜਪਾ ਦਾ ਸੰਕਲਪ ਸਪੱਸ਼ਟ ਹੈ—"ਨਸ਼ਾ ਮੁਕਤ, ਵਿਕਾਸਮੁਖੀ ਪੰਜਾਬ।" ਉਨ੍ਹਾਂ ਕਿਹਾ ਕਿ ਡਬਲ ਇੰਜਣ ਸਰਕਾਰ ਬਣਨ 'ਤੇ ਕੇਂਦਰ ਅਤੇ ਸੂਬਾ ਸਰਕਾਰ ਦੇ ਯਤਨਾਂ ਨੂੰ ਇਕਜੁੱਟ ਕਰਕੇ ਨਸ਼ਿਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ, ਰੁਜ਼ਗਾਰ ਦੇ ਮੌਕੇ ਪੈਦਾ ਕਰਨ, ਕਾਨੂੰਨ-ਵਿਵਸਥਾ ਮਜ਼ਬੂਤ ਕਰਨ ਅਤੇ ਪੰਜਾਬ ਦੇ ਵਿਕਾਸ ਨੂੰ ਮੁੜ ਰਫ਼ਤਾਰ ਦੇਣ ਲਈ ਕੰਮ ਕੀਤਾ ਜਾਵੇਗਾ।

'ਨਸ਼ਿਆਂ ਵਿਰੁੱਧ ਜੰਗ' ਅਖ਼ਬਾਰੀ ਇਸ਼ਤਿਹਾਰਾਂ ਤੱਕ ਸੀਮਤ: ਅਵਿਨਾਸ਼ ਰਾਏ ਖੰਨਾ

ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਸੂਬਾ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਤੇ ਤਿੱਖੇ ਸਵਾਲ ਚੁੱਕਦਿਆਂ ਕਿਹਾ ਕਿ ਸਰਕਾਰ ਦਾ "'ਨਸ਼ਿਆਂ ਵਿਰੁੱਧ ਜੰਗ'" ਦਾ ਨਾਅਰਾ ਸਿਰਫ਼ ਅਖ਼ਬਾਰੀ ਇਸ਼ਤਿਹਾਰਾਂ ਤੱਕ ਸੀਮਤ ਹੋ ਕੇ ਰਹਿ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੀ ਨਾ ਨੀਅਤ ਸਪੱਸ਼ਟ ਹੈ ਅਤੇ ਨਾ ਹੀ ਨੀਤੀ।

ਖੰਨਾ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਕਦੇ ਖੇਤੀਬਾੜੀ, ਖੇਡਾਂ ਅਤੇ ਸਰਹੱਦਾਂ 'ਤੇ ਦੇਸ਼ ਸੇਵਾ ਰਾਹੀਂ ਸੂਬੇ ਦਾ ਮਾਣ ਵਧਾਉਂਦੇ ਸਨ। "ਅੱਜ ਹਾਲਾਤ ਇੰਨੇ ਖ਼ਰਾਬ ਹੋ ਗਏ ਹਨ ਕਿ ਬਹੁਤ ਸਾਰੇ ਨੌਜਵਾਨ ਨਾ ਖੇਤਾਂ ਵਿੱਚ ਕੰਮ ਕਰਨ ਜੋਗੇ ਰਹੇ ਹਨ, ਨਾ ਖੇਡ ਮੈਦਾਨਾਂ ਵਿੱਚ ਜਾਣ ਜੋਗੇ ਅਤੇ ਨਾ ਹੀ ਦੇਸ਼ ਦੀਆਂ ਸਰਹੱਦਾਂ 'ਤੇ ਸੇਵਾ ਕਰਨ ਜੋਗੇ," ਉਨ੍ਹਾਂ ਕਿਹਾ।

ਉਨ੍ਹਾਂ ਕਿਹਾ ਕਿ ਸ਼ਾਹਕੋਟ ਦੌਰੇ ਦੌਰਾਨ ਉਨ੍ਹਾਂ ਅਜਿਹੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਦੀ ਜ਼ਿੰਦਗੀ ਨਸ਼ਿਆਂ ਨੇ ਪੂਰੀ ਤਰ੍ਹਾਂ ਤਬਾਹ ਕਰ ਦਿੱਤੀ ਹੈ। ਉਨ੍ਹਾਂ 28 ਸਾਲਾ ਇੱਕ ਨੌਜਵਾਨ ਦਾ ਹਵਾਲਾ ਦਿੱਤਾ, ਜਿਸ ਦੀ ਨਸ਼ੇ ਕਾਰਨ ਮੌਤ ਹੋ ਗਈ ਅਤੇ ਪਿੱਛੇ ਉਸ ਦੀ ਪਤਨੀ ਅਤੇ ਬਜ਼ੁਰਗ ਮਾਂ ਰਹਿ ਗਈਆਂ, ਜੋ ਹੁਣ ਦੂਜਿਆਂ ਦੇ ਘਰਾਂ ਵਿੱਚ ਕੰਮ ਕਰਕੇ ਆਪਣਾ ਗੁਜ਼ਾਰਾ ਕਰਨ ਲਈ ਮਜਬੂਰ ਹਨ।

ਉਨ੍ਹਾਂ ਇੱਕ ਅਜਿਹੇ ਪਿਤਾ ਦਾ ਵੀ ਜ਼ਿਕਰ ਕੀਤਾ, ਜਿਸ ਨੇ ਦੱਸਿਆ ਕਿ ਨਸ਼ਿਆਂ ਕਾਰਨ ਉਸ ਦੇ ਦੋ ਭਤੀਜਿਆਂ ਅਤੇ ਪੁੱਤਰ ਦੀ ਮੌਤ ਹੋ ਗਈ ਅਤੇ ਜਦੋਂ ਪਰਿਵਾਰ ਨੇ ਪੁੱਤਰ ਨੂੰ ਨਸ਼ਾ ਛੱਡਣ ਲਈ ਸਮਝਾਉਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੇ ਪਿਤਾ 'ਤੇ ਡੰਡੇ ਨਾਲ ਹਮਲਾ ਕਰ ਦਿੱਤਾ। ਉਨ੍ਹਾਂ ਇੱਕ ਹੋਰ ਬਜ਼ੁਰਗ ਵਿਅਕਤੀ ਦਾ ਵੀ ਜ਼ਿਕਰ ਕੀਤਾ, ਜਿਸ ਦਾ ਇਕਲੌਤਾ 25 ਸਾਲਾ ਪੁੱਤਰ ਨਸ਼ੇ ਦੀ ਲਤ ਦਾ ਸ਼ਿਕਾਰ ਹੋ ਗਿਆ।

ਖੰਨਾ ਨੇ ਕਿਹਾ, "ਇਹ ਸਿਰਫ਼ ਸੁਣਾਉਣ ਲਈ ਕਹਾਣੀਆਂ ਨਹੀਂ, ਸਗੋਂ ਪੰਜਾਬ ਲਈ ਚੇਤਾਵਨੀ ਹਨ।" ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਸਿਰਫ਼ ਨੌਜਵਾਨਾਂ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰਾਂ ਨੂੰ ਪ੍ਰਭਾਵਿਤ ਕਰ ਰਹੀ ਹੈ।

ਤਰਨਤਾਰਨ ਵਿੱਚ ਨਕਲੀ ਸ਼ਰਾਬ ਕਾਰਨ ਹੋਈਆਂ ਮੌਤਾਂ ਦੀ ਘਟਨਾ ਦਾ ਜ਼ਿਕਰ ਕਰਦਿਆਂ ਖੰਨਾ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਸੂਬਾ ਸਰਕਾਰ ਲਈ ਗੰਭੀਰ ਚੇਤਾਵਨੀ ਹੋਣੀਆਂ ਚਾਹੀਦੀਆਂ ਹਨ।

ਉਨ੍ਹਾਂ ਸੂਬਾ ਸਰਕਾਰ ਦੀ ਨਸ਼ਾ ਵਿਰੋਧੀ ਰਣਨੀਤੀ 'ਤੇ ਸਵਾਲ ਉਠਾਉਂਦਿਆਂ ਪੁੱਛਿਆ ਕਿ ਫਾਸਟ-ਟਰੈਕ ਅਦਾਲਤਾਂ ਕਿਉਂ ਨਹੀਂ ਬਣਾਈਆਂ ਗਈਆਂ ਅਤੇ ਕਿੰਨੇ ਵੱਡੇ ਨਸ਼ਾ ਤਸਕਰਾਂ ਨੂੰ ਅਸਲ ਵਿੱਚ ਸਜ਼ਾਵਾਂ ਹੋਈਆਂ ਹਨ। ਉਨ੍ਹਾਂ ਕਿਹਾ, "ਸਿਰਫ਼ ਗ੍ਰਿਫ਼ਤਾਰੀਆਂ ਦੇ ਅੰਕੜੇ ਜਾਰੀ ਕਰਨਾ ਕਾਫ਼ੀ ਨਹੀਂ। ਅਸਲ ਸਫਲਤਾ ਉਦੋਂ ਹੋਵੇਗੀ ਜਦੋਂ ਵੱਡੇ ਨਸ਼ਾ ਤਸਕਰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਹੋਣਗੇ ਅਤੇ ਪੂਰੀ ਡਰੱਗ ਸਪਲਾਈ ਚੇਨ ਨੂੰ ਤੋੜਿਆ ਜਾਵੇਗਾ।"

ਖੰਨਾ ਨੇ ਪੰਜਾਬ ਦੇ ਔਖੇ ਦੌਰ ਦੌਰਾਨ ਅੱਤਵਾਦ ਨਾਲ ਨਜਿੱਠਣ ਵਿੱਚ ਪੰਜਾਬ ਪੁਲਿਸ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਨੂੰ ਪੁਲਿਸ ਦੀ ਬਹਾਦਰੀ 'ਤੇ ਮਾਣ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਦੀ ਨੀਅਤ ਅਤੇ ਨੀਤੀ ਸਪੱਸ਼ਟ ਹੋਵੇ ਤਾਂ ਪੁਲਿਸ ਅਧਿਕਾਰੀਆਂ ਨੂੰ ਆਪਣੇ-ਆਪਣੇ ਖੇਤਰ ਵਿੱਚ ਨਸ਼ਿਆਂ ਦੀ ਵਿਕਰੀ ਲਈ ਜਵਾਬਦੇਹ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵਿੱਚ ਨਸ਼ਿਆਂ ਦੇ ਖ਼ਿਲਾਫ਼ ਲੜਨ ਦੀ ਪੂਰੀ ਸਮਰੱਥਾ ਹੈ, ਬਸ਼ਰਤੇ ਉਸ ਨੂੰ ਪੂਰੀ ਸਿਆਸੀ ਹਮਾਇਤ ਅਤੇ ਅਧਿਕਾਰ ਦਿੱਤੇ ਜਾਣ।

ਛੱਤੀਸਗੜ੍ਹ ਵਿੱਚ ਖੱਬੇ ਪੱਖੀ ਉਗਰਵਾਦ ਵਿਰੁੱਧ ਲੜਾਈ ਦਾ ਜ਼ਿਕਰ ਕਰਦਿਆਂ ਖੰਨਾ ਨੇ ਕਿਹਾ ਕਿ ਭਾਜਪਾ ਨੇ ਸਿਆਸੀ ਇੱਛਾ-ਸ਼ਕਤੀ ਅਤੇ ਸਪੱਸ਼ਟ ਨੀਤੀ ਰਾਹੀਂ ਮੁਸ਼ਕਲ ਚੁਣੌਤੀਆਂ ਦਾ ਸਾਹਮਣਾ ਕਰਨ ਦੀ ਸਮਰੱਥਾ ਦਿਖਾਈ ਹੈ। ਉਨ੍ਹਾਂ ਪੰਜਾਬ ਵਿੱਚ ਵੀ ਨਸ਼ਿਆਂ ਦੇ ਖ਼ਿਲਾਫ਼ ਇਸੇ ਤਰ੍ਹਾਂ ਦੀ ਦ੍ਰਿੜ੍ਹ ਅਤੇ ਨਤੀਜਾਮੁਖੀ ਕਾਰਵਾਈ ਦੀ ਲੋੜ ਦੱਸੀ।

ਭਾਜਪਾ ਨਸ਼ਾ ਵਿਰੋਧੀ ਸੁਨੇਹਾ ਹਰ ਪਿੰਡ ਤੇ ਮੁਹੱਲੇ ਤੱਕ ਪਹੁੰਚਾਏਗੀ: ਰਵਿਕਰਨ ਸਿੰਘ ਕਾਹਲੋਂ

ਭਾਜਪਾ ਦੇ ਮੀਤ ਪ੍ਰਧਾਨ ਅਤੇ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਕੋਆਰਡੀਨੇਟਰ ਰਵਿਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਭੂਮਿਕਾ ਨਿਭਾਉਣੀ ਪਵੇਗੀ।

ਉਨ੍ਹਾਂ ਕਿਹਾ ਕਿ ਯਾਤਰਾ ਦਾ ਮਕਸਦ ਸਿਰਫ਼ ਰੈਲੀਆਂ ਕਰਨਾ ਨਹੀਂ, ਸਗੋਂ ਹਰ ਗਲੀ, ਮੁਹੱਲੇ, ਸ਼ਹਿਰ ਅਤੇ ਪਿੰਡ ਤੱਕ ਪਹੁੰਚ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਹੈ।

ਕਾਹਲੋਂ ਨੇ ਕਿਹਾ, "ਸਾਨੂੰ ਉਨ੍ਹਾਂ ਮਾਵਾਂ ਦੇ ਪੁੱਤ ਬਚਾਉਣੇ ਹਨ, ਭੈਣਾਂ ਦੇ ਵੀਰ ਬਚਾਉਣੇ ਹਨ ਅਤੇ ਉਨ੍ਹਾਂ ਪਰਿਵਾਰਾਂ ਨੂੰ ਬਚਾਉਣਾ ਹੈ, ਜਿਨ੍ਹਾਂ ਦੇ ਘਰ ਨਸ਼ਿਆਂ ਨੇ ਉਜਾੜ ਦਿੱਤੇ ਹਨ।"

ਉਨ੍ਹਾਂ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਕਿਸੇ ਸਰਕਾਰ ਜਾਂ ਕਿਸੇ ਇੱਕ ਸਿਆਸੀ ਪਾਰਟੀ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਇਸ ਨੂੰ ਸਾਂਝੀ ਸਮਾਜਿਕ ਲਹਿਰ ਬਣਾਇਆ ਜਾਵੇ। ਉਨ੍ਹਾਂ ਕਿਹਾ, "ਆਓ, ਉਸ ਪੀੜ੍ਹੀ ਨੂੰ ਬਚਾਈਏ ਜਿਸ ਨੂੰ ਨਸ਼ਿਆਂ ਦੇ ਧੁੰਦਲਕੇ ਵਿੱਚ ਧੱਕਿਆ ਜਾ ਰਿਹਾ ਹੈ ਅਤੇ ਪੰਜਾਬ ਨੂੰ ਮੁੜ ਰੰਗੀਨ, ਖੁਸ਼ਹਾਲ, ਖੇਡਾਂ ਵਾਲਾ ਅਤੇ ਮਿਹਨਤੀ ਪੰਜਾਬ ਬਣਾਈਏ।"

ਉਨ੍ਹਾਂ ਭਾਜਪਾ ਦੀ ਮੁਹਿੰਮ ਦਾ ਸੁਨੇਹਾ ਦੁਹਰਾਇਆ: "ਨਸ਼ਾ ਮੁਕਾਓ ਸਾਰਾ।"

ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਜਗਬੀਰ ਸਿੰਘ ਬਰਾੜ ਨੇ ਕਿਹਾ ਕਿ 'ਨਸ਼ਾ ਮੁਕਤ ਪੰਜਾਬ ਯਾਤਰਾ' ਮਹਿਜ਼ ਸਿਆਸੀ ਯਾਤਰਾ ਨਹੀਂ, ਸਗੋਂ ਪੰਜਾਬ ਨੂੰ ਨਸ਼ਿਆਂ ਦੀ ਗ੍ਰਿਫ਼ਤ ਤੋਂ ਮੁਕਤ ਕਰਵਾਉਣ ਲਈ ਇੱਕ ਵਿਆਪਕ ਮੁਹਿੰਮ ਦੀ ਸ਼ੁਰੂਆਤ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ ਦੇ ਪਿੱਛੇ ਕੰਮ ਕਰ ਰਹੇ ਨੈੱਟਵਰਕ ਨੂੰ ਬੇਨਕਾਬ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਾਹਰ ਨਿਕਲਣ ਵਿੱਚ ਮਦਦ ਕਰਨਾ ਪੰਜਾਬ ਦੀਆਂ ਸਭ ਤੋਂ ਵੱਡੀਆਂ ਤਰਜੀਹਾਂ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਭਾਜਪਾ ਦੀ ਨਸ਼ਾ ਵਿਰੋਧੀ ਮੁਹਿੰਮ ਨਾਲ ਜੁੜ ਕੇ ਇਸ ਨੂੰ ਜਨ ਅੰਦੋਲਨ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਸੀਨੀਅਰ ਭਾਜਪਾ ਆਗੂ ਸੁਸ਼ੀਲ ਕੁਮਾਰ ਰਿੰਕੂ, ਸੰਸਦ ਮੈਂਬਰ ਡਾ. ਅਮਰਜੀਤ ਸਿੰਘ ਥਿੰਦ, ਰਾਣਾ ਹਰਦੀਪ ਸਿੰਘ, ਦੀਪਕ ਸ਼ਰਮਾ, ਅਮਰਜੀਤ ਕੌਰ ਚੌਧਰੀ ਅਤੇ ਵਿਧਾਨ ਸਭਾ ਹਲਕਾ ਇੰਚਾਰਜ ਨਰਿੰਦਰ ਚੰਦੀ ਨੇ ਵੀ ਸੰਬੋਧਨ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਤਲਵੰਡੀ ਸਾਬੋ ਹਲਕੇ ਨੂੰ 62 ਲੱਖ ਰੁਪਏ ਦੀ ਗ੍ਰਾਂਟ ਦੇਣ 'ਤੇ ਅਕਾਲੀ ਆਗੂਆਂ ਵੱਲੋਂ ਹਰਸਿਮਰਤ ਕੌਰ ਬਾਦਲ ਦਾ ਧੰਨਵਾਦ





ਤਲਵੰਡੀ ਸਾਬੋ, 29 ਸਤੰਬਰ (ਗੁਰਜੰਟ ਸਿੰਘ ਨਥੇਹਾ)- ਬਠਿੰਡਾ ਤੋਂ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਆਪਣੇ ਐੱਮ.ਪੀ. ਕੋਟੇ ਵਿੱਚੋਂ ਤਲਵੰਡੀ ਸਾਬੋ ਹਲਕੇ ਲਈ 62 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਨ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਤਲਵੰਡੀ ਸਾਬੋ ਹਲਕਾ ਇੰਚਾਰਜ ਸ. ਰਵੀਪ੍ਰੀਤ ਸਿੰਘ ਸਿੱਧੂ ਅਤੇ ਸਰਕਲ ਪ੍ਰਧਾਨ ਸ. ਜਸਵਿੰਦਰ ਸਿੰਘ ਜੈਲਦਾਰ ਨੇ ਉਨ੍ਹਾਂ ਦਾ ਧੰਨਵਾਦ ਕੀਤਾ ਹੈ। ਅਕਾਲੀ ਆਗੂਆਂ ਨੇ ਕਿਹਾ ਕਿ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਵੱਲੋਂ ਆਪਣੇ ਐੱਮ.ਪੀ. ਕੋਟੇ ਵਿੱਚੋਂ ਹਲਕੇ ਲਈ ਗ੍ਰਾਂਟ ਜਾਰੀ ਕਰਨਾ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਵਿੱਚ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਰਾਸ਼ੀ ਨਾਲ ਹਲਕੇ ਦੇ ਵੱਖ-ਵੱਖ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਵਿੱਚ ਮਦਦ ਮਿਲੇਗੀ ਅਤੇ ਲੋਕਾਂ ਨੂੰ ਇਸ ਦਾ ਲਾਭ ਮਿਲੇਗਾ। ਸ. ਰਵੀਪ੍ਰੀਤ ਸਿੰਘ ਸਿੱਧੂ ਅਤੇ ਸ. ਜਸਵਿੰਦਰ ਸਿੰਘ ਜੈਲਦਾਰ ਨੇ ਕਿਹਾ ਕਿ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਬਠਿੰਡਾ ਲੋਕ ਸਭਾ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਇਸ ਗ੍ਰਾਂਟ ਲਈ ਬੀਬਾ ਹਰਸਿਮਰਤ ਕੌਰ ਬਾਦਲ ਦਾ ਧੰਨਵਾਦ ਕਰਦਿਆਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਹਲਕੇ ਦੇ ਵਿਕਾਸ ਲਈ ਉਨ੍ਹਾਂ ਦਾ ਸਹਿਯੋਗ ਜਾਰੀ ਰਹੇਗਾ।

# ਮਹਾਰਾਸ਼ਟਰ ਦੇ ਗੁਰਦੁਆਰਾ ਸਾਹਿਬਾਨ ਅੰਦਰ ਦਸਮ ਗ੍ਰੰਥ ਵਿਰੋਧੀ ਅਨਸਰਾਂ ਨੂੰ ਬੁਲਾਉਣ 'ਤੇ ਵਿਵਾਦ, ਸੱਚਖੰਡ ਬੋਰਡ ਪਾਸੋਂ ਨਿਰਪੱਖ ਜਾਂਚ ਦੀ ਮੰਗ



**ਚੌਕ ਮਹਿਤਾ, 29 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਾਰਾਸ਼ਟਰ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਅੰਦਰ ਸ੍ਰੀ ਦਸਮ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਮਾਣਿਕਤਾ 'ਤੇ ਬੇਲੋੜੇ ਸਵਾਲ ਖੜ੍ਹੇ ਕਰਨ ਵਾਲੇ ਅਤੇ ਗੁਰਮਤਿ ਸਿਧਾਂਤਾਂ ਦੇ ਵਿਰੁੱਧ ਕੂੜ ਪ੍ਰਚਾਰ ਕਰਨ ਵਾਲੇ ਅਨਸਰਾਂ ਨੂੰ ਕਥਾ-ਕੀਰਤਨ ਦੇ ਨਾਂ 'ਤੇ ਸੱਦਾ ਦੇਣ ਦਾ ਇਕ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਇਸ ਵਰਤਾਰੇ ਵਿਰੁੱਧ ਹਜ਼ੂਰੀ ਸਾਧ ਸੰਗਤ ਵੱਲੋਂ ਗੁਰਦੁਆਰਾ ਸੱਚਖੰਡ ਬੋਰਡ, ਨਾਂਦੇੜ ਦੇ ਪ੍ਰਸ਼ਾਸਕ ਡਾ. ਵਿਜੈ ਸਤਬੀਰ ਸਿੰਘ ਜੀ ਨੂੰ ਇਕ ਲਿਖਤੀ ਪੱਤਰ ਸੌਂਪ ਕੇ ਸਮੁੱਚੇ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਉਣ ਦੀ ਮੰਗ ਕੀਤੀ ਗਈ ਹੈ।

**ਪੁਣੇ ਦੀ ਘਟਨਾ ਦਾ ਵਿਸ਼ੇਸ਼ ਹਵਾਲਾ** : ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਆਗੂਆਂ ਨੇ ਦੱਸਿਆ ਕਿ 27 ਸਤੰਬਰ 2026 ਨੂੰ ਮਿਲਟਰੀ ਕੈਂਪ ਸਥਿਤ ਗੁਰਦੁਆਰਾ ਸਿੰਘ ਸਭਾ, ਪੁਣੇ ਵਿਖੇ ਵੀ ਦਸਮ ਬਾਣੀ ਦੇ ਕਥਿਤ ਵਿਰੋਧੀ ਨੂੰ ਸੱਦਿਆ ਗਿਆ। ਸਥਾਨਕ ਸੰਗਤ ਦੇ ਵਿਰੋਧ ਦੇ ਬਾਵਜੂਦ ਡਾ. ਰਮਨਪ੍ਰੀਤ ਸਿੰਘ ਰਾਹੀਂ ਇਹ ਪ੍ਰੋਗਰਾਮ ਕਰਵਾਇਆ ਗਿਆ, ਜਿਸ ਕਾਰਨ ਸਮੁੱਚੀ ਸਿੱਖ ਸੰਗਤ ਦੇ ਹਿਰਦੇ ਵਲੂੰਧਰੇ ਗਏ ਹਨ ਅਤੇ ਭਾਰੀ ਰੋਸ ਫੈਲ ਗਿਆ ਹੈ। ਆਗੂਆਂ ਨੇ ਸਪੱਸ਼ਟ ਕੀਤਾ ਕਿ ਗੁਰਦੁਆਰਾ ਸਾਹਿਬ ਸਿੱਖ ਕੌਮ ਦੀ ਆਸਥਾ ਅਤੇ ਪਵਿੱਤਰ ਮਰਯਾਦਾ ਦਾ ਕੇਂਦਰ ਹਨ। ਇਸ ਲਈ ਕਿਸੇ ਵੀ ਪ੍ਰਚਾਰਕ, ਕਥਾਵਾਚਕ ਜਾਂ ਰਾਗੀ ਸਿੰਘ ਨੂੰ ਸੱਦਾ ਦੇਣ ਤੋਂ ਪਹਿਲਾਂ ਗੁਰਮਤਿ ਪਰੰਪਰਾਵਾਂ, ਪੰਥਕ ਮਰਯਾਦਾ ਅਤੇ ਤਖ਼ਤ ਸਾਹਿਬਾਨ ਦੇ ਧਾਰਮਿਕ ਆਦੇਸ਼ਾਂ ਦੀ ਪਾਲਣਾ ਯਕੀਨੀ ਬਣਾਈ ਜਾਣੀ ਲਾਜ਼ਮੀ ਹੈ।

**ਸੰਗਤ ਵੱਲੋਂ ਪ੍ਰਮੁੱਖ ਮੰਗਾਂ** : 1. ਜਿਨ੍ਹਾਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵਿਰੁੱਧ ਪੰਥਕ ਮਰਯਾਦਾ ਦੀ ਉਲੰਘਣਾ ਦੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਉਨ੍ਹਾਂ ਨੂੰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਤਲਬ ਕਰਕੇ ਨਿਰਪੱਖ ਅਤੇ ਤੱਥ-ਅਧਾਰਤ ਪੜਤਾਲ ਕੀਤੀ ਜਾਵੇ।

2. ਸਬੰਧਤ ਕਮੇਟੀਆਂ ਪਾਸੋਂ ਸਪੱਸ਼ਟੀਕਰਨ ਲਿਆ ਜਾਵੇ ਕਿ ਪ੍ਰੋਗਰਾਮ ਕਿਸ ਆਧਾਰ 'ਤੇ ਕਰਵਾਇਆ ਗਿਆ, ਬੁਲਾਰਿਆਂ ਦੀ ਚੋਣ ਕਿਵੇਂ ਹੋਈ ਅਤੇ ਇਸ ਵਿੱਚ ਪ੍ਰਬੰਧਕਾਂ ਦੀ ਕੀ ਭੂਮਿਕਾ ਰਹੀ।

3. ਜੇਕਰ ਜਾਂਚ ਦੌਰਾਨ ਸ਼ਿਕਾਇਤ ਬੇਬੁਨਿਆਦ ਸਾਬਤ ਹੁੰਦੀ ਹੈ ਤਾਂ ਕਮੇਟੀ ਨੂੰ ਆਪਣਾ ਪੱਖ ਰੱਖਣ ਦਾ ਪੂਰਾ ਮੌਕਾ ਦਿੱਤਾ ਜਾਵੇ; ਪਰ ਜੇਕਰ ਦੋਸ਼ ਸਹੀ ਪਾਏ ਜਾਂਦੇ ਹਨ ਤਾਂ ਤਖ਼ਤ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੱਚਖੰਡ ਦੀ ਮਰਯਾਦਾ ਅਨੁਸਾਰ ਬਣਦੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਇਸ ਮੌਕੇ

ਸ. ਗੁਰਦੀਪ ਸਿੰਘ ਸੰਧੂ, ਸ. ਰਣਜੀਤ ਸਿੰਘ ਗਿੱਲ, ਸ. ਰਜਿੰਦਰ ਸਿੰਘ ਪੁਜਾਰੀ, ਸ. ਜਗਦੀਪ ਸਿੰਘ ਨੰਬਰਦਾਰ, ਸ. ਜਸਬੀਰ ਸਿੰਘ ਬੁੰਗਈ, ਸ. ਦਵਿੰਦਰ ਪਾਲ ਸਿੰਘ ਬੁੰਗਈ, ਸ. ਮਨਪ੍ਰੀਤ ਸਿੰਘ ਹੁੰਦਲ ਸਮੇਤ ਹਜ਼ੂਰੀ ਸੰਗਤ ਹਾਜ਼ਰ ਸੀ

**ਬੰਦੀ ਸਿੰਘਾਂ ਦੀ ਰਿਹਾਈ ਮੁੱਦੇ ’ਤੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਜਾਵੇ: ਭਾਈ ਰਤਿੰਦਰ ਸਿੰਘ ਇੰਦੌਰ**

# 117 ਵਿਧਾਇਕਾਂ ਨੂੰ ਸਿਆਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਸਾਂਝਾ ਮਤਾ ਪਾਸ ਕਰਨ ਦਾ ਸੱਦਾ




ਨਵੀਂ ਦਿੱਲੀ 29 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):– ਪੰਜਾਬ ਦੇ ਲੰਬੇ ਸਮੇਂ ਤੋਂ ਚਰਚਾ ਵਿੱਚ ਰਹੇ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ ਨੂੰ ਲੈ ਕੇ ਸਿੱਖ ਚਿੰਤਕ ਭਾਈ ਰਤਿੰਦਰ ਸਿੰਘ ਇੰਦੌਰ ਨੇ ਪੰਜਾਬ ਸਰਕਾਰ, ਪੰਜਾਬ ਵਿਧਾਨ ਸਭਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਜਾਬ ਦੇ ਸਮੂਹ ਧਾਰਮਿਕ ਭਾਈਚਾਰਿਆਂ ਵੱਲੋਂ ਸਾਂਝੀ ਪਹਿਲ ਕਰਨ ਦੀ ਮੰਗ ਉਠਾਈ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਵਿਧਾਨ ਸਭਾ ਵੱਲੋਂ ਹੋਰ ਮਹੱਤਵਪੂਰਨ ਮੁੱਦਿਆਂ ’ਤੇ ਵਿਸ਼ੇਸ਼ ਸੈਸ਼ਨ ਸੱਦ ਕੇ ਮਤੇ ਪਾਸ ਕੀਤੇ ਗਏ ਹਨ, ਉਸੇ ਤਰ੍ਹਾਂ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ’ਤੇ ਵੀ ਵਿਸ਼ੇਸ਼ ਸੈਸ਼ਨ ਬੁਲਾਇਆ ਜਾਣਾ ਚਾਹੀਦਾ ਹੈ। ਭਾਈ ਰਤਿੰਦਰ ਸਿੰਘ ਨੇ ਕਿਹਾ ਕਿ ਬੰਦੀ ਸਿੰਘਾਂ ਦਾ ਮਾਮਲਾ ਸਿਰਫ਼ ਕਿਸੇ ਇੱਕ ਸਿਆਸੀ ਧਿਰ ਨਾਲ ਜੁੜਿਆ ਵਿਸ਼ਾ ਨਾ ਬਣੇ, ਸਗੋਂ ਪੰਜਾਬ ਦੇ ਸਾਰੇ 117 ਵਿਧਾਇਕ ਇਸ ਮੁੱਦੇ ’ਤੇ ਸਾਂਝੇ ਤੌਰ ’ਤੇ ਵਿਚਾਰ ਕਰਨ। ਉਨ੍ਹਾਂ ਸੁਝਾਅ ਦਿੱਤਾ ਕਿ ਵਿਧਾਨ ਸਭਾ ਵਿੱਚ ਇਸ ਸਬੰਧੀ ਵਿਸ਼ੇਸ਼ ਮਤਾ ਪਾਸ ਕਰਕੇ ਉਸ ਦੀ ਕਾਪੀ ਪੰਜਾਬ ਦੇ ਰਾਜਪਾਲ ਅਤੇ ਭਾਰਤ ਦੇ ਰਾਸ਼ਟਰਪਤੀ ਨੂੰ ਸੌਂਪੀ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਸਾਰੇ ਵਿਧਾਇਕ ਸਾਂਝੇ ਵਫ਼ਦ ਵਜੋਂ ਰਾਜਪਾਲ, ਰਾਸ਼ਟਰਪਤੀ, ਕੇਂਦਰੀ ਗ੍ਰਹਿ ਮੰਤਰੀ ਅਤੇ ਪ੍ਰਧਾਨ ਮੰਤਰੀ ਕੋਲ ਜਾ ਕੇ ਬੰਦੀ ਸਿੰਘਾਂ ਦੀ ਰਿਹਾਈ ਅਤੇ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਅੰਡਰ–ਟ੍ਰਾਇਲ ਵਿਅਕਤੀਆਂ ਨਾਲ ਸਬੰਧਤ ਮਾਮਲਿਆਂ ’ਤੇ ਆਪਣਾ ਪੱਖ ਰੱਖਣ। ਉਨ੍ਹਾਂ ਦੇ ਮੁਤਾਬਕ ਅਜਿਹਾ ਸਾਂਝਾ ਯਤਨ ਪੰਜਾਬ ਵਿੱਚ ਇਸ ਮੁੱਦੇ ਨਾਲ ਜੁੜੀਆਂ ਚਿੰਤਾਵਾਂ ਨੂੰ ਸੰਵਿਧਾਨਕ ਅਤੇ ਲੋਕਤੰਤਰਿਕ ਢੰਗ ਨਾਲ ਉਠਾਉਣ ਦਾ ਇੱਕ ਰਸਤਾ ਹੋ ਸਕਦਾ ਹੈ। ਭਾਈ ਰਤਿੰਦਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਇਸ ਮਾਮਲੇ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਜਨਰਲ ਇਜਲਾਸ ਸੱਦ ਕੇ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਮਤਾ ਪਾਸ ਕੀਤਾ ਜਾਵੇ ਅਤੇ ਇਹ ਮਤਾ ਵੀ ਰਾਜਪਾਲ, ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਕੇਂਦਰੀ ਗ੍ਰਹਿ ਮੰਤਰੀ ਤੱਕ ਪਹੁੰਚਾਇਆ ਜਾਵੇ। ਇਸ ਤੋਂ ਇਲਾਵਾ ਭਾਈ ਰਤਿੰਦਰ ਸਿੰਘ ਨੇ ਪੰਜਾਬ ਦੇ ਵੱਖ–ਵੱਖ ਧਾਰਮਿਕ ਭਾਈਚਾਰਿਆਂ ਨੂੰ ਵੀ ਇਸ ਮਾਮਲੇ ਵਿੱਚ ਆਪਣੇ–ਆਪਣੇ ਧਾਰਮਿਕ ਸਥਾਨਾਂ ’ਤੇ ਪ੍ਰਾਰਥਨਾ, ਦੁਆ ਜਾਂ ਅਰਦਾਸ ਕਰਨ ਦੀ ਅਪੀਲ ਕੀਤੀ। ਉਨ੍ਹਾਂ ਮੁਸਲਿਮ, ਈਸਾਈ, ਆਰੀਆ ਸਮਾਜ, ਸਨਾਤਨ, ਜੈਨ, ਬੁੱਧ, ਵਾਲਮੀਕਿ ਅਤੇ ਰਵਿਦਾਸੀ ਸਮਾਜਾਂ ਦੇ ਧਾਰਮਿਕ ਆਗੂਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਆਪਣੇ–ਆਪਣੇ ਧਾਰਮਿਕ ਰਿਵਾਜਾਂ ਅਨੁਸਾਰ ਕੀਤੀ ਗਈ ਸਾਂਝੀ ਪ੍ਰਾਰਥਨਾ ਪੰਜਾਬ ਵਿੱਚ ਭਾਈਚਾਰਕ ਸਾਂਝ, ਅਮਨ ਅਤੇ ਸ਼ਾਂਤੀ ਦਾ ਸੰਦੇਸ਼ ਦੇ ਸਕਦੀ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਨਾਲ ਜੁੜਿਆ ਮਾਮਲਾ ਪੰਜਾਬ ਦੇ ਸਮਾਜਿਕ ਅਤੇ ਧਾਰਮਿਕ ਮਾਹੌਲ ਨਾਲ ਵੀ ਜੁੜਿਆ ਹੋਇਆ ਹੈ, ਇਸ ਲਈ ਇਸ ਨੂੰ ਟਕਰਾਅ ਦੀ ਬਜਾਏ ਸੰਵਿਧਾਨਕ, ਲੋਕਤੰਤਰਿਕ ਅਤੇ ਸ਼ਾਂਤੀਪੂਰਨ ਤਰੀਕੇ ਨਾਲ ਉਠਾਉਣ ਦੀ ਲੋੜ ਹੈ। ਭਾਈ ਰਤਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਵੱਖ–ਵੱਖ ਵਰਗਾਂ ਅਤੇ ਧਾਰਮਿਕ ਭਾਈਚਾਰਿਆਂ ਵੱਲੋਂ ਸਾਂਝੇ ਤੌਰ ’ਤੇ ਅਮਨ, ਭਾਈਚਾਰੇ ਅਤੇ ਕਾਨੂੰਨੀ ਪ੍ਰਕਿਰਿਆ ਪ੍ਰਤੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਬੰਦੀ ਸਿੰਘਾਂ ਦੇ ਮਾਮਲੇ ਨੂੰ ਲੈ ਕੇ ਪੈਦਾ ਹੋਣ ਵਾਲੇ ਸਮਾਜਿਕ ਤਣਾਅ ਅਤੇ ਵਖਰੇਵਿਆਂ ਨੂੰ ਸੰਵਾਦ ਅਤੇ ਲੋਕਤੰਤਰਿਕ ਪ੍ਰਕਿਰਿਆ ਰਾਹੀਂ ਸੰਬੋਧਿਤ ਕੀਤਾ ਜਾ ਸਕੇ।

**ਸ਼੍ਰੋਮਣੀ ਕਮੇਟੀ ਦਾ ਜਨਰਲ ਇਜਲਾਸ ਬੁਲਾ ਕੇ ਮਤਾ ਪਾਸ ਕਰਨ ਅਤੇ ਪੰਜਾਬ ਦੇ ਸਮੂਹ ਧਾਰਮਿਕ ਭਾਈਚਾਰਿਆਂ ਨੂੰ ਆਪਣੇ-ਆਪਣੇ ਧਾਰਮਿਕ ਸਥਾਨਾਂ ’ਤੇ ਅਰਦਾਸ, ਦੁਆ ਤੇ ਪ੍ਰਾਰਥਨਾ ਕਰਨ ਦੀ ਅਪੀਲ**

**ਵੇਰਕਾ ਦੀ ਸੰਗਰੂਰ ਜਿਲ੍ਹਾ ਸਹਿਕਾਰੀ ਦੁੱਧ ਉਤਪਾਦਕ ਸੰਘ ਲਿਮਿਟਿਡ ਵੱਲੋਂ**

# ਆਮ ਇਜਲਾਸ ਸਾਲ 2025-26 ਯਾਦਗਾਰੀ ਹੋ ਨਿੱਬੜਿਆ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਵੇਰਕਾ ਦੀ ਸੰਗਰੂਰ ਜਿਲ੍ਹਾ ਸਹਿਕਾਰੀ ਦੁੱਧ ਉਤਪਾਦਕ ਸੰਘ ਲਿਮਿਟਿਡ ਵੱਲੋਂ ਆਮ ਇਜਲਾਸ ਸਾਲ 2025-26 ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਮਹਿੰਦਰ ਸਿੰਘ ਸਿੱਧੂ ਚੇਅਰਮੈਨ ਪਨਸੀਡ, ਜ਼ਿਲਾ ਪਲੈਨਿੰਗ ਬੋਰਡ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਰਛਪਾਲ ਸਿੰਘ ਭੁੱਲਰ ਵਿਸ਼ੇਸ਼ ਤੌਰ ’ਤੇ ਸਾਮਿਲ ਹੋਏ। ਮੌਕੇ ਵੱਖ-ਵੱਖ ਬੁਲਾਰਿਆਂ ਨੇ ਦੁੱਧ ਉਤਪਾਦਕਾਂ, ਸਕੱਤਰਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਵੇਰਕਾ ਮਿਰਕ ਪਲਾਂਟ ਸੰਗਰੂਰ ਪਹਿਲਾਂ ਬਹੁਤ ਹੀ ਘਾਟੇ ਵਿੱਚ ਚੱਲ ਰਿਹਾ ਸੀ ਜਦੋ ਚੇਅਰਪਰਸਨ ਬਲਜੀਤ ਕੌਰ ਦੀ ਅਗਵਾਈ ਦੇ ਹੇਠ ਅਤੇ ਸਮੂਹ ਡਾਰੈਕਟਰ ਸਾਹਿਬਾਨਾਂ ਦੇ ਸਹਿਯੋਗ ਦੇ ਨਾਲ ਪੂਰੀ ਮੈਨੇਜਮੈਂਟ ਦੇ ਨਾਲ ਵੇਰਕਾ ਨੂੰ ਚਲਾਉਣਾ ਸ਼ੁਰੂ ਕੀਤਾ ਤਾਂ ਅੱਜ ਵੇਰਕਾ ਮਿਲਕ ਪਲਾਂਟ ਸੰਗਰੂਰ ਮੁਨਾਫੇ ਵਿੱਚ ਚੱਲ ਰਿਹਾ ਹੈ। ਆਗੂਆਂ ਨੇ ਕਿਹਾ ਕਿ ਆਪਾਂ ਸਾਰੇ ਰਲ ਮਿਲ ਕੇ ਵੇਰਕਾ ਨੂੰ ਕਾਮਯਾਬ ਕਰਨ ਦੇ ਲਈ ਵਿਆਹਾਂ ਸ਼ਾਦੀਆਂ ਦੇ ਵਿੱਚ ਹਰ ਆਈਟਮ ਵੇਰਕਾ ਦੀ ਵਰਤ ਕੇ ਵੇਰਕਾ ਨੂੰ ਹੋਰ ਮਜ਼ਬੂਤ ਕਰੀਏ । ਇਸ ਮੌਕੇ ਜੀਐਮ ਮਿਸ਼ਰਾ ਸਾਬ ਮਿਲਕ ਪਲਾਂਟ ਸੰਗਰੂਰ, ਚੇਅਰਮੈਨ ਬੀਬੀ ਬਲਜੀਤ ਕੌਰ ਵੇਰਕਾ ਮਿਲਕ ਪਲਾਂਟ ਸੰਗਰੂਰ ਪਤਨੀ ਅਮਰੀਕ ਸਿੰਘ ਸੋਹੀ ਸਾਬਕਾ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ, ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਗੁਰਨਾਮ ਸਿੰਘ ਕਾਂਝਲਾ, ਮਨਿੰਦਰ ਸਿੰਘ ਲਖਮੀਰਵਾਲਾ ਪ੍ਰਧਾਨ ਪੰਚਾਇਤ ਯੂਨੀਅਨ ਸੰਗਰੂਰ, ਸਰਪੰਚ ਜੱਗਾ ਭੋਜਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ ਹਾਜਰ ਸਨ।

# ਵਿਦੇਸ਼ੀਆਂ ਲਈ ਦੇਸ਼ ਦੇ ਦਰਵਾਜ਼ੇ ਖੁੱਲ੍ਹੇ, ਬੰਦੀ ਸਿੰਘਾਂ ਲਈ ਕਾਨੂੰਨ ਦੀਆਂ ਬੇੜੀਆਂ ਕਿਉਂ : ਮਨਜੀਤ ਸਿੰਘ ਜੀਕੇ

## ਜੱਗੀ ਜੋਹਲ ਤੋਂ ਲੈ ਕੇ ਭਾਈ ਭਿਓਰਾ ਤੱਕ, ਬੰਦੀ ਸਿੰਘਾਂ ਦੇ ਮਾਮਲੇ ’ਚ ਸਰਕਾਰ ਦੀ ਚੁੱਪ ’ਤੇ ਉੱਠੇ ਗੰਭੀਰ ਸਵਾਲ



**ਨਵੀਂ ਦਿੱਲੀ, 29 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**-ਮਿਆਂਮਾਰ ਟ੍ਰੇਨਿੰਗ ਕੈਂਪ ਮਾਮਲੇ ਵਿੱਚ ਐਨਆਈਏ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਅਮਰੀਕੀ ਨਾਗਰਿਕ ਮੈਥਿਊ ਐਰੋਨ ਵੈਨਡਾਈਕ ਅਤੇ 6 ਯੂਕਰੇਨੀ ਨਾਗਰਿਕਾਂ ਨੂੰ ਡਿਫਾਲਟ ਜ਼ਮਾਨਤ ਮਿਲਣ ਤੋਂ ਬਾਅਦ ਦਿੱਲੀ ਦੀ ਵਿਸ਼ੇਸ਼ ਅਦਾਲਤ ਵੱਲੋਂ ਆਪਣੇ-ਆਪਣੇ ਦੇਸ਼ ਵਾਪਸ ਜਾਣ ਦੀ ਇਜਾਜ਼ਤ ਦਿੱਤੇ ਜਾਣ ਨੇ ਦੇਸ਼ ਦੀ ਕਾਨੂੰਨੀ ਵਿਵਸਥਾ ਅਤੇ ਵੱਖ-ਵੱਖ ਮਾਮਲਿਆਂ ਵਿੱਚ ਲਾਗੂ ਹੁੰਦੇ ਮਾਪਦੰਡਾਂ ਬਾਰੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇਸ ਮਾਮਲੇ ਨੂੰ ਲੈ ਕੇ ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਮੰਜੀਤ ਸਿੰਘ ਜੀਕੇ ਨੇ ਤਿੱਖਾ ਸਵਾਲ ਉਠਾਇਆ ਹੈ ਕਿ ਜੇਕਰ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਹੇ ਵਿਦੇਸ਼ੀ ਨਾਗਰਿਕਾਂ ਨੂੰ ਅਦਾਲਤੀ ਪ੍ਰਕਿਰਿਆ ਤਹਿਤ ਆਪਣੇ ਦੇਸ਼ ਜਾਣ ਦਾ ਰਸਤਾ ਮਿਲ ਸਕਦਾ ਹੈ ਤਾਂ ਬੰਦੀ ਸਿੰਘਾਂ ਦੇ ਮਾਮਲਿਆਂ ਵਿੱਚ ਇੰਨੀ ਸਖ਼ਤੀ ਕਿਉਂ ਦਿਖਾਈ ਜਾਂਦੀ ਹੈ। ਜੱਗਤਾਰ ਸਿੰਘ ਜੋਹਲ ਦਾ ਮਾਮਲਾ ਉਠਾਉਂਦਿਆਂ ਜੀਕੇ ਨੇ ਕਿਹਾ ਕਿ ਜੱਗੀ ਜੋਹਲ ਸਾਲ 2017 ਵਿੱਚ ਵਿਆਹ ਲਈ ਭਾਰਤ ਆਇਆ ਸੀ ਅਤੇ ਉਸ ਦੀ ਗ੍ਰਿਫ਼ਤਾਰੀ ਤੋਂ ਬਾਅਦ ਕਰੀਬ ਨੌਂ ਸਾਲ ਬੀਤ ਚੁੱਕੇ ਹਨ। ਦਿੱਲੀ ਹਾਈ ਕੋਰਟ ਵੱਲੋਂ ਸਤੰਬਰ 2026 ਵਿੱਚ ਐਨਆਈਏ ਨਾਲ ਸਬੰਧਤ ਸੱਤ ਮਾਮਲਿਆਂ ਵਿੱਚ ਉਸ ਨੂੰ ਜ਼ਮਾਨਤ ਦਿੱਤੇ ਜਾਣ ਤੋਂ ਬਾਅਦ ਵੀ ਉਸ ’ਤੇ ਲਾਗੂ ਸ਼ਰਤਾਂ ਅਤੇ ਯਾਤਰਾ ਨਾਲ ਸਬੰਧਤ ਪਾਬੰਦੀਆਂ ਦਾ ਮਸਲਾ ਚਰਚਾ ਵਿੱਚ ਹੈ। ਜੀਕੇ ਨੇ ਕੇਂਦਰ ਸਰਕਾਰ ਅਤੇ ਸੰਬੰਧਿਤ ਅਧਿਕਾਰੀਆਂ ਤੋਂ ਪੁੱਛਿਆ ਕਿ ਜੇ ਵਿਦੇਸ਼ੀ ਨਾਗਰਿਕਾਂ ਨੂੰ ਅਦਾਲਤੀ ਹੁਕਮਾਂ ਰਾਹੀਂ ਆਪਣੇ ਦੇਸ਼ ਜਾਣ ਦੀ ਇਜਾਜ਼ਤ ਦਿੱਤੀ ਜਾ ਸਕਦੀ ਹੈ ਤਾਂ ਜੱਗੀ ਜੋਹਲ ਦੇ ਮਾਮਲੇ ਵਿੱਚ ਵੱਖਰਾ ਮਾਪਦੰਡ ਕਿਉਂ ਨਜ਼ਰ ਆ ਰਿਹਾ ਹੈ? ਉਨ੍ਹਾਂ ਮੰਗ ਕੀਤੀ ਕਿ ਸਰਕਾਰ ਸਪਸ਼ਟ ਕਰੇ ਕਿ ਅਜਿਹੀਆਂ ਪਾਬੰਦੀਆਂ ਦਾ ਕਾਨੂੰਨੀ ਆਧਾਰ ਕੀ ਹੈ ਅਤੇ ਫ਼ੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਕਿਹੜੇ ਅਧਿਕਾਰੀਆਂ ਦੀ ਭੂਮਿਕਾ ਰਹੀ ਹੈ। ਇਸੇ ਦੌਰਾਨ ਬੁੜੈਲ ਜੇਲ੍ਹ ਵਿੱਚ ਬੰਦ ਭਾਈ ਪਰਮਜੀਤ ਸਿੰਘ ਭਿਓਰਾ ਦਾ ਮਾਮਲਾ ਵੀ ਜੀਕੇ ਨੇ ਜ਼ੋਰਦਾਰ ਢੰਗ ਨਾਲ ਉਠਾਇਆ। ਉਨ੍ਹਾਂ ਕਿਹਾ ਕਿ ਜੇਲ੍ਹ ਪ੍ਰਸ਼ਾਸਨ ਵੱਲੋਂ ਭਾਈ ਭਿਓਰਾ ਦੀ ਰਿਹਾਈ ਸਬੰਧੀ ਸਰਕਾਰ ਨੂੰ ਛੇ ਵਾਰ ਰੀਮਾਈਂਡਰ ਭੇਜੇ ਜਾਣ ਦੇ ਬਾਵਜੂਦ ਜੇਕਰ ਉਨ੍ਹਾਂ ਦੀ ਰਿਹਾਈ ਬਾਰੇ ਕੋਈ ਫ਼ੈਸਲਾ ਨਹੀਂ ਲਿਆ ਜਾ ਰਿਹਾ ਤਾਂ ਸਰਕਾਰ ਇਸ ਦੇ ਕਾਰਨ ਜਨਤਕ ਕਰੇ। ਉਨ੍ਹਾਂ ਸਵਾਲ ਕੀਤਾ ਕਿ ਜੇਲ੍ਹ ਪ੍ਰਸ਼ਾਸਨ ਵੱਲੋਂ ਵਾਰ-ਵਾਰ ਯਾਦ ਦਿਵਾਉਣ ਦੇ ਬਾਵਜੂਦ ਫ਼ਾਈਲ ਕਿੱਥੇ ਅਟਕੀ ਹੋਈ ਹੈ ਅਤੇ ਫ਼ੈਸਲਾ ਕੌਣ ਰੋਕ ਰਿਹਾ ਹੈ? ਜੀਕੇ ਨੇ ਕਿਹਾ ਕਿ ਇੱਕ ਪਾਸੇ ਵਿਦੇਸ਼ੀ ਨਾਗਰਿਕਾਂ ਨੂੰ ਕਾਨੂੰਨੀ ਪ੍ਰਕਿਰਿਆ ਅਧੀਨ ਆਪਣੇ ਦੇਸ਼ ਜਾਣ ਦੀ ਇਜਾਜ਼ਤ ਮਿਲ ਰਹੀ ਹੈ ਅਤੇ ਦੂਜੇ ਪਾਸੇ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੇ ਮਾਮਲਿਆਂ ਵਿੱਚ ਫ਼ੈਸਲੇ ਲਟਕ ਰਹੇ ਹਨ—ਇਹ ਸਵਾਲ ਸਰਕਾਰ ਤੋਂ ਜਵਾਬ ਮੰਗਦਾ ਹੈ। ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਅਤੇ ਸੰਬੰਧਿਤ ਸਰਕਾਰੀ ਅਧਿਕਾਰੀਆਂ ਨੂੰ ਪੁੱਛਿਆ ਕਿ ਕੀ ਕਾਨੂੰਨ ਦੀ ਕਸੌਟੀ ਸਾਰਿਆਂ ਲਈ ਇੱਕੋ ਹੈ ਜਾਂ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਵੱਖਰਾ ਰਵੱਈਆ ਅਪਣਾਇਆ ਜਾ ਰਿਹਾ ਹੈ।

## ਐਸ ਜੀ ਪੀ ਸੀ ਮੁੱਖ ਸਕੱਤਰ ਸਪੱਸ਼ਟ ਕਰਨ ਕਿ ਉਹ ਪ੍ਰਧਾਨ ਜੀ ਦੇ ਨਿੱਜੀ ਸਹਾਇਕ ਵਜੋਂ ਕਿਉਂ ਵਿਹਾਰ ਕਰ ਰਹੇ ਹਨ- ਸ ਗੁਰਪ੍ਰਤਾਪ ਸਿੰਘ ਵਡਾਲਾ



**ਚੰਡੀਗੜ੍ਹ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈਸ ਬਿਆਨ ਰਾਹੀਂ ਦੋਸ਼ ਲਾਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਆਪਣੀ ਤਨਖਾਹ ਤਾਂ ਗੁਰੂ ਕੀ ਗੋਲਕ ਵਿਚੋਂ ਪ੍ਰਾਪਤ ਕਰ ਰਹੇ ਹਨ, ਜਿੰਨਾਂ ਦੀ ਡਿਊਟੀ ਕਮੇਟੀ ਪ੍ਰਬੰਧ ਵੇਖਣ ਦੀ ਹੈ, ਪਰ ਉਹ ਇਸ ਵੇਲੇ ਪ੍ਰਧਾਨ ਸਾਹਿਬ ਦੇ ਨਿਜੀ ਸਹਾਇਕ ਵਜੋਂ ਵਿਚਰ ਰਹੇ ਹਨ। ਇਸਦੀ ਮਿਸਾਲ ਦੇਂਦਿਆਂ ਉਹਨਾਂ ਦੱਸਿਆ ਕਿ ਇਸ ਧਾਰਮਿਕ ਸੰਸਥਾ ਵਿੱਚ ਹੋਏ ਸੈਕਸ ਸ਼ੋਸ਼ਣ ਦੇ ਮਾਮਲੇ ਵਿੱਚ ਜਦੋਂ ਵੀ ਕੋਈ ਜਥੇਬੰਦੀ ਐਸ ਜੀ ਪੀ ਸੀ ਪ੍ਰਧਾਨ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਨ ਜਾਂਦੀ ਹੈ ਤਾਂ ਮੁੱਖ ਸਕੱਤਰ ਕਮੇਟੀ ਮੁਲਾਜ਼ਮਾਂ ਦਾ ਲਾਓ ਲਸ਼ਕਰ ਲੈ ਕੇ ਉਸ ਜਥੇਬੰਦੀ ਖਿਲਾਫ ਬਰਾਬਰ ਪ੍ਰਦਰਸ਼ਨ ਕਰਨ ਪਹੁੰਚ ਜਾਂਦੇ ਹਨ। ਜੋ ਕਿ ਗੁਰੂ ਘਰ ਵਿੱਚ ਲੱਗੀ ਉਹਨਾਂ ਦੀ ਡਿਊਟੀ ਦਾ ਬਿਲਕੁਲ ਵੀ ਹਿੱਸਾ ਨਹੀਂ ਹੈ। ਸ ਵਡਾਲਾ ਨੇ ਕਿਹਾ ਕਿ ਜੇ ਉਹ ਆਪਣੇ ਸਿਆਸੀ ਮਾਲਕਾਂ ਨੂੰ ਜਿਆਦਾ ਖੁਸ਼ ਕਰਨਾ ਚਾਹੁੰਦੇ ਹਨ ਤਾਂ ਉਹਨਾਂ ਨੂੰ ਗੁਰੂ ਘਰ ਦੀ ਨੌਕਰੀ ਛੱਡ ਕੇ ਧਾਮੀ ਸਾਹਿਬ ਦੇ ਗੰਨਮੈਨ ਲੱਗ ਜਾਣਾ ਚਾਹੀਦਾ ਹੈ। ਕਿਉਂਕਿ ਆਪਣੀ ਕਿਰਤ ਕਮਾਈ ਦੇ ਦਾਨ ਨਾਲ ਗੁਰੂ ਕੀਆਂ ਗੋਲਕਾਂ ਭਰਨ ਵਾਲੀ ਸੰਗਤ ਮਾੜੇ ਪ੍ਰਬੰਧ ਅਤੇ ਧਾਂਦਲੀਆਂ ਦਾ ਜਵਾਬ ਤਾਂ ਜਰੂਰ ਮੰਗੇਗੀ। ਸ ਵਡਾਲਾ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਜੋ ਜਿਲੇਵਾਰ ਲਗਾਤਾਰ ਅਰਦਾਸ ਕਰਨ ਦਾ ਸਿਲਸਿਲਾ ਆਰੰਭਿਆ ਹੈ, ਉਸਦੇ ਤਹਿਤ ਕੱਲ 30 ਸਤੰਬਰ ਨੂੰ ਜਲੰਧਰ ਅਤੇ ਕਪੂਰਥਲਾ ਦੀ ਸੰਗਤ ਜਿਲ੍ਹਾ ਪ੍ਰਧਾਨਾਂ ਦੀ ਅਗਵਾਈ ਹੇਠ ਸ੍ਰੀ ਅਕਾਲ ਤਖਤ ਸਾਹਿਬ ’ਤੇ ਪਹੁੰਚ ਕੇ ਅਰਦਾਸ ਕਰੇਗੀ ਕਿ ਮੀਰੀ ਪੀਰੀ ਦੇ ਮਾਲਕ ਗੁਰੂ ਹਰਿਗੋਬਿੰਦ ਸਾਹਿਬ ਪਾਤਸ਼ਾਹ ਇਹਨਾਂ ਨਰੈਣੂ ਮਹੰਤਾਂ ਤੋਂ ਗੁਰੂਘਰਾਂ ਨੂੰ ਆਜਾਦ ਕਰਾਉਣ ਦਾ ਬਲ ਬਖਸ਼ਣ। ਸ ਵਡਾਲਾ ਨੇ ਵੱਧ ਤੋਂ ਵੱਧ ਪਾਰਟੀ ਵਰਕਰਾਂ ਅਤੇ ਸਿੱਖ ਸੰਗਤਾਂ ਨੂੰ ਕੱਲ੍ਹ ਸ੍ਰੀ ਅਕਾਲ ਤਖਤ ਸਾਹਿਬ ’ਤੇ ਪਹੁੰਚਣ ਦੀ ਆਪੀਲ ਕੀਤੀ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

## ਡੀ.ਟੀ.ਐੱਫ. ਵਲੋਂ ਸਿੱਖਿਆ ਵਿਭਾਗ ਦੁਆਰਾ ਤਰੱਕੀਆਂ ਵਿੱਚ ਅਧਿਆਪਕਾਂ ਤੋਂ ਬਿਨਾਂ ਸਟੇਸ਼ਨ ਚੋਣ ਕਰਵਾਏ ਜਬਰੀ ਦੂਰ ਸਟੇਸ਼ਨ ਦੇਣ ਦੀ ਨਿਖੇਧੀ

**ਹੁਸ਼ਿਆਰਪੁਰ, 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਵੱਲੋਂ ਅੱਜ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਸਿੱਖਿਆ ਵਿਭਾਗ ਪੰਜਾਬ ਦੁਆਰਾ ਈ.ਟੀ.ਟੀ. ਤੋਂ 2599, ਐੱਚ.ਟੀ. ਤੋਂ 927, ਸੀ.ਐੱਚ.ਟੀ. ਤੋਂ 208, ਨਾਨ-ਟੀਚਿੰਗ ਤੋਂ 250 ਅਤੇ ਹੋਰ ਕੈਟਾਗਰੀ ਟੀਚਰਜ਼ ਤੋਂ 377 ਅਤੇ ਸੀ.ਐਂਡ.ਵੀ. ਤੋਂ 127 ਮਾਸਟਰ ਕਾਡਰ ਦੀਆਂ ਕੁੱਲ ਮਿਲਾ ਕੇ 4488 ਕੀਤੀਆਂ ਗਈਆਂ ਤਰੱਕੀਆਂ ਦੀ ਪ੍ਰਕਿਰਿਆ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਜਥੇਬੰਦੀ ਨੇ ਦੋਸ਼ ਲਾਇਆ ਹੈ ਕਿ ਵਿਭਾਗ ਵੱਲੋਂ ਜਲਦਬਾਜ਼ੀ ਅਤੇ ਗੈਰ-ਪਾਰਦਰਸ਼ੀ ਤਰੀਕੇ ਨਾਲ ਕੀਤੇ ਗਏ ਸਟੇਸ਼ਨ ਅਲਾਟਮੈਂਟ ਕਾਰਨ ਅਧਿਆਪਕ ਵਰਗ ਵਿੱਚ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ। ਸਿੱਖਿਆ ਵਿਭਾਗ ਵੱਲੋਂ ਦੋ ਸਾਲ ਪਹਿਲਾਂ ਇਸੇ ਢੰਗ ਨਾਲ ਮਾਸਟਰ ਤੋਂ ਲੈਕਚਰਾਰ ਤਰੱਕੀ ਦੇਣ ਵੇਲੇ ਮਨਮਰਜ਼ੀ ਅਤੇ ਧੱਕੇ ਨਾਲ ਦੂਰ-ਦੁਰਾਡੇ ਦਿੱਤੇ ਸਟੇਸ਼ਨਾਂ ਉਪਰੰਤ ਹੋਈ ਅਧਿਆਪਕਾਂ ਦੀ ਖੱਜਲ-ਖੁਆਰੀ ਤੋਂ ਕੋਈ ਸਬਕ ਨਹੀਂ ਲਿਆ ਗਿਆ ਹੈ। ਡੀ.ਟੀ.ਐੱਫ. ਦੇ ਸੂਬਾ ਸੰਯੁਕਤ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜ਼ਿਲ੍ਹਾ ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ ਅਤੇ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ ਨੇ ਅਧਿਆਪਕਾਂ ਵੱਲੋਂ ਆ ਰਹੇ ਮੁੱਖ ਇਤਰਾਜ਼ਾਂ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਪੂਰੀ ਪ੍ਰਕਿਰਿਆ ਵਿੱਚ ਨਿਯਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਗਈਆਂ ਹਨ।

### ਦਮਦਮੀ ਟਕਸਾਲ ਵੱਲੋਂ ਪਿੰਡ ਰੋਡੇ ਵਿਖੇ

# ਨਵੇਂ ਅਹੁਦੇਦਾਰਾਂ ਤੇ ਮੈਂਬਰਾਂ ਦੀ ਕੀਤੀ ਗਈ ਨਿਯੁਕਤੀ





**ਫ਼ਿਰੋਜ਼ਪੁਰ, 29 ਸਤੰਬਰ (ਮਨੋਹਰ ਲਾਲ) :—** ਮਹਾਂਪੁਰਖ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੇ ਆਦੇਸ਼ਾਂ ਅਤੇ ਆਗਿਆ ਅਨੁਸਾਰ ਦਮਦਮੀ ਟਕਸਾਲ ਚੌਂਕ ਮਹਿਤਾ ਤੋਂ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ। ਇਸ ਤਹਿਤ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ (ਮੁੱਖ ਬੁਲਾਰਾ ਦਮਦਮੀ ਟਕਸਾਲ) ਵਿਸ਼ੇਸ਼ ਤੌਰ ਤੇ ਪਿੰਡ ਰੋਡੇ ਪਹੁੰਚੇ। ਪਿੰਡ ਰੋਡੇ ਵਿਖੇ ਪਹੁੰਚ ਕੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਦਮਦਮੀ ਟਕਸਾਲ ਸੇਵਕ ਜਥੇ ਦੇ ਨਵੇਂ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਨਿਯੁਕਤੀ ਕੀਤੀ। ਇਹ ਨਿਯੁਕਤੀਆਂ ਸੰਗਠਨ ਦੀਆਂ ਸੇਵਾਵਾਂ ਅਤੇ ਕਾਰਜਾਂ ਨੂੰ ਹੋਰ ਮਜ਼ਬੂਤ ਤੇ ਸੁਚਾਰੂ ਬਣਾਉਣ ਦੇ ਮਕਸਦ ਨਾਲ ਕੀਤੀਆਂ ਗਈਆਂ ਹਨ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਬਲਰਾਜ ਸਿੰਘ (ਪਿੰਡ ਭਿੰਡਰ ਕਲਾਂ ਪ੍ਰਧਾਨ ਜ਼ਿਲ੍ਹਾ ਮੋਗਾ) ਵੀ ਹਾਜ਼ਰ ਸਨ। ਪ੍ਰੋਗਰਾਮ ਦੌਰਾਨ ਹਾਜ਼ਰ ਸ਼ਖਸੀਅਤਾਂ ਨੇ ਨਵੇਂ ਨਿਯੁਕਤ ਕੀਤੇ ਗਏ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਉਹ ਦਮਦਮੀ ਟਕਸਾਲ ਦੀਆਂ ਸੇਵਾਵਾਂ ਨੂੰ ਪੂਰੀ ਲਗਨ, ਈਮਾਨਦਾਰੀ ਅਤੇ ਸਮਰਪਣ ਭਾਵ ਨਾਲ ਨਿਭਾਉਣਗੇ। ਇਸ ਮੌਕੇ ਤੇ ਸੁਖਚੈਨ ਸਿੰਘ ਬਾਬਾ ਬੱਬਲ ਸਿੰਘ, ਗੁਰਨਾਮ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਤੇ ਗਿਆਨੀ ਗੁਰਵਿੰਦਰ ਸਿੰਘ ਦਮਦਮੀ ਟਕਸਾਲ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ਅਤੇ ਇਸ ਮੌਕੇ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਨਵੇਂ ਅਹੁਦੇਦਾਰਾਂ ਨੂੰ ਸਿਰਪਾਓ ਦੀ ਬਖਸ਼ਿਸ਼ ਕੀਤੀ।

### ਅਰੋੜ ਵੰਸ ਮਹਾਂ ਸਭਾ ਵੱਲੋਂ ਰਾਮਗੜ੍ਹੀਆ ਸੋਸਾਇਟੀ ਦੇ

# ਅਹੁਦੇਦਾਰਾਂ ਦਾ ਗਰਮਜੋਸ਼ੀ ਨਾਲ ਵਿਸ਼ੇਸ਼ ਸਨਮਾਨ—ਦੜਿਆਲਾ



**ਫ਼ਿਰੋਜ਼ਪੁਰ, 29 ਸਤੰਬਰ (ਮਨੋਹਰ ਲਾਲ) :—** ਇਲਾਕੇ ਦੀਆਂ ਦੋ ਪ੍ਰਮੁੱਖ ਸਮਾਜਸੇਵੀ ਸੰਸਥਾਵਾਂ ਦਰਮਿਆਨ ਆਪਸੀ ਭਾਈਚਾਰਕ ਸਾਂਝ ਅਤੇ ਸਮਾਜਿਕ ਇਕਜੁੱਟਤਾ ਦਾ ਸੁਖਾਵਾਂ ਸੁਨੇਹਾ ਦਿੰਦਿਆਂ ਅਰੋੜ ਵੰਸ ਮਹਾਂ ਸਭਾ ਰਜਿ 245 ਅਤੇ ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਦੇ ਅਹੁਦੇਦਾਰਾਂ ਨਾਲ ਮੁਲਾਕਾਤ ਕਰਨ ਦਾ ਸਬੱਬ ਬਣਿਆ। ਇਸ ਖ਼ਾਸ ਮਿਲਣੀ ਦੌਰਾਂਨ ਅਰੋੜ ਵੰਸ ਮਹਾਂ ਸਭਾ ਦੇ ਪੰਜਾਬ ਪ੍ਰਧਾਨ ਚਰਨਜੀਤ ਸਿੰਘ ਸਿੱਕੀ ਵੱਲੋਂ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਦੇ ਆਗੂਆਂ ਦਾ ਆਪਣੇ ਗ੍ਰਹਿ ਜ਼ੀਰਾ ਵਿਖੇ ਪਹੁੰਚਣ ਤੇ ਬਹੁਤ ਹੀ ਗਰਮਜੋਸ਼ੀ ਅਤੇ ਸ਼ਰਧਾ ਪੂਰਵਕ ਤਰੀਕੇ ਨਾਲ ਆਓ ਭਗਤ ਕੀਤੀ ਗਈ। ਇਸ ਮੌਕੇ ਸਮਾਜ਼ ਭਲਾਈ ਦੀਆਂ ਗਤੀਵਿਧੀਆਂ ਅਤੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਅਰੋੜ ਵੰਸ ਮਹਾਂ ਸਭਾ ਵੱਲੋਂ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਦੇ ਅਹੁਦੇਦਾਰਾਂ ਵੱਲੋਂ ਸਮਾਜ ਪ੍ਰਤੀ ਨਿਭਾਈਆਂ ਜਾ ਰਹੀਆਂ ਸ਼ਲਾਘਾਯੋਗ ਸੇਵਾਵਾਂ ਦੀ ਭਰਭੂਰ ਪ੍ਰਸੰਸਾ ਕੀਤੀ ਗਈ। ਇਸ ਮੌਕੇ ਪੰਜਾਬ ਪ੍ਰਧਾਨ ਚਰਨਜੀਤ ਸਿੰਘ ਸਿੱਕੀ ਵੱਲੋਂ ਸੋਸਾਇਟੀ ਦੇ ਅਹੁਦੇਦਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਗਲਬਾਤ ਕਰਦਿਆਂ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦਾ ਆਪਸੀ ਮਿਲਵਰਤਨ ਅਤੇ ਸਹਿਯੋਗ ਸਮਾਜ ਨੂੰ ਇਕ ਨਵੀਂ ਦਿਸ਼ਾ ਦਿੰਦਾ ਹੈ ਅਤੇ ਅਜਿਹੀਆਂ ਮਿਲਣੀਆਂ ਨਾਲ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੁੰਦੀ ਹੈ। ਇਸ ਮੌਕੇ ਦੋਹਾਂ ਸੰਸਥਾਵਾਂ ਦੇ ਹੋਰ ਵੀ ਸੁਝਵਾਨ ਮੈਂਬਰ ਤੇ ਪਤਵੰਤੇ ਸੱਜਣ ਮੌਜੂਦ ਸਨ ਜਿਨ੍ਹਾਂ ਨੇ ਭਵਿੱਖ ਵਿੱਚ ਵੀ ਸਮਾਜ ਭਲਾਈ ਦੇ ਕਾਰਜਾਂ ਲਈ ਮਿਲਜੁਲ ਕੇ ਹੰਬਲਾ ਮਾਰਣ ਦਾ ਸੰਕਲਪ ਲਿਆ। ਮੀਟਿੰਗ ਦੌਰਾਨ ਪੰਜਾਬ ਦੇ ਅਹੁਦੇਦਾਰਾਂ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ, ਜਸਵਿੰਦਰ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ, ਹਾਕਮ ਸਿੰਘ ਸੀਨੀਆਰ ਮੀਤ ਪ੍ਰਧਾਨ ਪੰਜਾਬ, ਭੂਸ਼ਨ ਕੁਮਾਰ ਜੁਨੇਜਾ ਮੁੱਖ ਸਲਾਹਕਾਰ ਸੁਖਦੇਵ ਸਿੰਘ ਬੱਬਰ ਮੁੱਖ ਸਲਾਹਕਾਰ ਯੂਥ ਵਿੰਗ ਪੰਜਾਬ ਵੀ ਹਾਜ਼ਰ ਸਨ।

# ਬੰਦੀ ਸਿੰਘਾਂ ਦੀ ਰਿਹਾਈ ਲਈ 2 ਤੇ 3 ਅਕਤੂਬਰ ਨੂੰ ਫ਼ਤਿਹਗੜ੍ਹ ਸਾਹਿਬ ਤੋਂ ਤਲਵੰਡੀ ਸਾਬੋ ਤੱਕ ਸਜਾਇਆ ਜਾਵੇਗਾ ਵਿਸ਼ਾਲ ਰੋਸ ਮਾਰਚ



**ਫ਼ਿਰੋਜ਼ਪੁਰ, 29 ਸਤੰਬਰ (ਮਨੋਹਰ ਲਾਲ) :—** ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਜਾਬ ਨਾਲ ਹੁੰਦੀਆਂ ਰਾਜਸੀ ਬੇਇਨਸਾਫ਼ੀਆਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਵੱਖ—ਵੱਖ ਪੰਥਕ ਜਥੇਬੰਦੀਆਂ, ਸ਼੍ਰੋਮਣੀ ਅਕਾਲੀ ਦਲ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਇਕਜੁੱਟ ਹੋ ਕੇ 2 ਅਤੇ 3 ਅਕਤੂਬਰ 2026 ਨੂੰ ਫ਼ਤਿਹਗੜ੍ਹ ਸਾਹਿਬ ਤੋਂ ਸ੍ਰੀ ਤਲਵੰਡੀ ਸਾਬੋ (ਸ੍ਰੀ ਦਮਦਮਾ ਸਾਹਿਬ) ਤੱਕ ਬੰਦੀ ਸਿੰਘ ਰਿਹਾਈ ਮਾਰਚ ਕੱਢਣ ਦਾ ਐਲਾਨ ਕੀਤਾ ਗਿਆ ਹੈ। ਪੰਥਕ ਆਗੂਆਂ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ 31 ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਨਾ ਕਰਨਾ ਭਾਰਤ ਦੀਆਂ ਸਰਕਾਰਾਂ ਦੀ ਤਾਨਾਸ਼ਾਹੀ ਅਤੇ ਬੇਇਨਸਾਫ਼ੀ ਦਾ ਪ੍ਰਤੀਕ ਹੈ, ਅਜਿਹੀ ਬੇਇਨਸਾਫ਼ੀ ਵਿਰੁੱਧ ਆਵਾਜ਼ ਨਾ ਉਠਾਉਣਾ ਜ਼ੁਲਮ ਦੀ ਹਮਾਇਤ ਕਰਨ ਦੇ ਬਰਾਬਰ ਹੈ, ਇਸ ਲਈ ਪੰਜਾਬ ਦੀ ਪਵਿੱਤਰ ਧਰਤੀ ਤੇ ਜਿਊਂਦੀ ਜ਼ਮੀਰ ਦਾ ਸਬੂਤ ਦਿੰਦਿਆਂ ਸੰਗਤਾਂ ਨੂੰ ਇਸ ਮਾਰਚ ਵਿੱਚ ਵੱਧ—ਚੜ੍ਹ ਕੇ ਸ਼ਾਮਲ ਹੋਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਮਾਰਚ ਦਾ ਰੂਟ ਅਤੇ ਸਮਾਂ ਸਾਰਣੀ ਮੁਤਾਬਿਕ 2 ਅਕਤੂਬਰ (ਸਵੇਰੇ 10 ਵਜੇ) ਮਾਰਚ ਫ਼ਤਿਹਗੜ੍ਹ ਸਾਹਿਬ ਤੋਂ ਸ਼ੁਰੂ ਹੋ ਕੇ ਝਾਨੀਪੁਰ, ਚਨਾਰਥਲ, ਟੋਹੜਾ, ਤਰਖਾਣ ਮਾਜਰਾ, ਭਾਦਸੋਂ, ਸ਼ੁਕਰਾਲੀ, ਸਰੋਹੀ, ਰੌਣੀ ਦੇ ਪੁਲ, ਨਾਭਾ ਬਾਏਪਾਸ, ਬੌੜਾਂ, ਬੀੜਵਾਲਾ, ਭਵਾਨੀਗੜ੍ਹ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕੀਆਣਾ ਸਾਹਿਬ (ਸੰਗਰੂਰ) ਪਹੁੰਚੇਗਾ ਅਤੇ ਰਾਤ ਦਾ ਠਹਿਰਾਅ ਗੁਰਦੁਆਰਾ ਨਾਨਕੀਆਣਾ ਸਾਹਿਬ ਅਤੇ ਗੁਰਦੁਆਰਾ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਹੋਵੇਗਾ। ਉਨ੍ਹਾਂ ਦੱਸਿਆ ਕਿ 3 ਅਕਤੂਬਰ (ਸਵੇਰੇ 100 ਵਜੇ) ਮਾਰਚ ਗੁਰਦੁਆਰਾ ਨਾਨਕੀਆਣਾ ਸਾਹਿਬ ਤੋਂ ਰਵਾਨਾ ਹੋ ਕੇ ਸੰਗਰੂਰ, ਬੱਬਨਪੁਰ, ਮਸਤੂਆਣਾ ਸਾਹਿਬ, ਧਨੌਲਾ, ਰੂੜਕੇ ਕਲਾਂ, ਭੀਖੀ, ਬੁਢਲਾਡਾ, ਮਾਨਸਾ, ਮੌੜ, ਤਲਵੰਡੀ ਸਾਬੋ (ਸ੍ਰੀ ਦਮਦਮਾ ਸਾਹਿਬ) ਵਿਖੇ ਸਮਾਪਤ ਹੋਵੇਗਾ। ਇਸ ਮਾਰਚ ਦੀ ਅਗਵਾਈ ਅਤੇ ਪ੍ਰਬੰਧਕੀ ਜ਼ਿੰਮੇਵਾਰੀ ਸੰਭਾਲਣ ਵਾਲੇ ਪੰਥਕ ਅਤੇ ਅਕਾਲੀ ਆਗੂਆਂ ਦੇ ਨਾਮ ਅਤੇ ਅਹੁਦੇ ਮੁਖਤਿਆਰ ਸਿੰਘ ਭੁੱਲਰ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲ੍ਹਾ ਫਿਰੋਜਪੁਰ, ਬਲਵਿੰਦਰ ਸਿੰਘ ਖਾਲਸਾ ਪ੍ਰਧਾਨ ਪੰਥਕ ਕੌਂਸਲ ਜਿਲ੍ਹਾ ਫਿਰੋਜਪੁਰ, ਜਸਪਾਲ ਸਿੰਘ ਖਾਲਸਾ ਜਨਰਲ ਸਕੱਤਰ ਪੁਨਰ ਸੁਰਜੀਤ, ਜਸਵੀਰ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਬਲਵਿੰਦਰ ਸਿੰਘ ਥਿੰਦ ਸਰਕਲ ਪ੍ਰਧਾਨ, ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਫਿਰੋਜ਼ਪੁਰ, ਬਲਵਿੰਦਰ ਸਿੰਘ ਕੌਮੀ ਇਨਸਾਫ ਮੋਰਚਾ ਮੋਗਾ, ਅਮਰੀਕ ਸਿੰਘ ਸਹਿਜਾਦੀ ਵਾਰਿਸ ਪੰਜਾਬ, ਜਗਸੀਰ ਸਿੰਘ ਪਿੰਡ ਘੱਲ ਖੁਰਦ, ਚਰਨਜੀਤ ਸਿੰਘ ਨੂਰਪੁਰ ਸੇਠਾ, ਪਰਮਜੀਤ ਸਿੰਘ ਬਜੀਦਪੁਰ, ਬਲਜੀਤ ਸਿੰਘ ਪਿੰਡ ਕਮਾਲਾ ਬੋਦਲਾ, ਬਲਕਾਰ ਸਿੰਘ ਇਲਮੇਵਾਲਾ ਅਮ੍ਰਿਤ ਸੰਚਾਰ ਜਥਾ, ਭਾਈ ਗੁਰਮੀਤ ਸਿੰਘ ਹਕੂਮਤ ਸਿੰਘ ਵਾਲਾ, ਜਗਜੀਤ ਸਿੰਘ, ਗੁਰਦੀਪ ਸਿੰਘ ਜ਼ਿਲ੍ਹਾ ਯੂਥ ਪ੍ਰਧਾਨ ਅਕਾਲੀ ਦਲ ਵਾਰਿਸ ਪੰਜਾਬ, ਚਮਕੌਰ ਸਿੰਘ, ਭੁਪਿੰਦਰ ਸਿੰਘ, ਨਿਸ਼ਾਨ ਸਿੰਘ, ਰਣਧੀਰ ਸਿੰਘ ਨਵਾਂ ਕਿਲਾ, ਜੋਗਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਸਾਰੀਆਂ ਜਥੇਬੰਦੀਆਂ ਨੇ ਸਮੂਹ ਸੰਗਤਾਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਪਿੰਡ—ਪਿੰਡ ਵਿੱਚੋਂ ਮਾਰਚ ਵਿੱਚ ਵੱਧ—ਚੜ੍ਹ ਕੇ ਸ਼ਾਮਲ ਹੋਣ ਬਹੁਤ ਸਾਰੇ ਆਗੂ ਹਾਜ਼ਰ ਸਨ।

## ਖ਼ੁਦ ਦਾ ਸੁਧਰਣਾ ਹੀ ਸਾਰੀਆਂ ਮੁਸੀਬਤਾਂ ਦਾ ਹੱਲ—ਪੀ.ਸੀ ਕੁਮਾਰ




**ਫ਼ਿਰੋਜ਼ਪੁਰ, 29 ਸਤੰਬਰ (ਮਨੋਹਰ ਲਾਲ) :—** ਅੱਜ ਸਰਕਾਰੀ ਪ੍ਰਾਇਮਰੀ ਸਕੂਲ ਚੁੰਗੀ ਖਾਨਾ ਰੋਡ ਫ਼ਿਰੋਜ਼ਪੁਰ ਵਿਖੇ ਸ੍ਰੀ ਪੀ.ਸੀ ਕੁਮਾਰ ਮੁੱਖ ਸਮਾਜ ਸੇਵਕ ਸੁਧਾਰਕ ਸੀਨੀਅਰ ਸਿਟੀਜਨ ਸੇਵਾ ਮੁਕਤ ਮਾਸ ਮੀਡੀਆ ਸਿਹਤ ਵਿਭਾਗ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਮੁੱਖ ਸੇਵਕ ਸਦਾਵਰਤ ਪੰਚਾਇਤੀ ਦੇ ਅਣਥੱਕ ਵਰਕਰ ਪਹੁੰਚੇ। ਇਸ ਮੌਕੇ ਉਨ੍ਹਾਂ ਨਾਲ ਰਜਨੀਸ਼ ਕਪੂਰ ਰਿਟਾਇਰ ਬੈਂਕ ਮੈਨੇਜਰ ਸਮਾਜ ਸੇਵੀ ਸੰਸਥਾ ਦੇ ਕਾਰਜਕਰਤਾ ਨਾਲ ਪਹੁੰਚੇ, ਜਿਨ੍ਹਾਂ ਨੇ ਪਹਿਲਾਂ ਦੀ ਤਰ੍ਹਾਂ ਬੱਚਿਆਂ ਨੂੰ ਅਤੇ ਬੱਚਿਆਂ ਦੇ ਮਾਪਿਆਂ ਨੂੰ ਸੰਬੋਧਨ ਕਰਦੇ ਆਪਣੇ ਘਰਾਂ, ਸਕੂਲਾਂ ਅਤੇ ਸਮਾਜ, ਦੇਸ਼, ਦੁਨੀਆਂ ਦੀ ਵਧੀਆ ਸਿਰਜਣਾ ਕਰਨਾ ਚਾਹੁੰਦੇ ਹਾਂ ਤਾਂ ਇਕੋ—ਇਕ ਹੱਲ ਖੁਦ ਦਾ ਸੁਧਾਰਣਾ ਹੀ ਸਾਰੀਆਂ ਸਰੀਰਕ, ਮਾਨਸਿਕ ਬਿਮਾਰੀਆਂ, ਸਮਾਜਿਕ ਕੁਰੀਤੀਆਂ ਦਾ ਹੱਲ ਹੈ, ਜੋ ਅੱਜ ਅਲੋਪ ਹੋ ਗਿਆ ਹੈ। ਸੋ ਸਾਨੂੰ ਖੁਦ ਦਾ ਸੁਧਾਰਣਾ ਜੀਵਨ ਦਾ ਅੰਗ ਬਣ ਜਾਵੇ ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਰਾ ਸਮਾਜ, ਦੇਸ਼ ਸੁਧਰ ਜਾਵੇਗਾ। ਉਨ੍ਹਾਂ ਕਿਹਾ ਕਿ ਰੋਸ਼ਨੀ ਦੀ ਰਾਹ ਕਿਤਾਬ ਦੀ ਕਹਾਣੀਆਂ ਫਿਰ ਬੱਚਿਆਂ ਨੂੰ ਸੁਣਾਈਆਂ ਹੀ ਨਾ ਜਾਣ ਸਗੋਂ ਬੱਚਿਆਂ ਨੂੰ ਜੀਵਨ ਵਿਚ ਢਾਲਣ ਦੀ ਵੀ ਸਿੱਖਿਆ ਦਿੱਤੀ ਜਾਵੇ ਤਾਂ ਜੋ ਇਕ ਵਧੀਆ ਸਮਾਜ ਦੀ ਸਿਰਜਣਾ ਹੋ ਸਕੇ। ਉਨ੍ਹਾਂ ਸਾਰੇ ਬੱਚਿਆਂ ਨੂੰ ਆਪਣੇ—ਆਪ ਨੂੰ ਸੁਧਾਰ ਕੇ ਦੇਸ਼ ਦਾ ਚੰਗਾ ਨਾਗਰਿਕ ਬਨਣ ਦਾ ਪ੍ਰਣ ਲਿਆ। ਸਕੂਲ ਕੈਂਪਸ ਵਿਚ ਪਹੁੰਚ ਕੇ ਬੱਚਿਆਂ ਨੂੰ ਚੰਗੇ ਸੰਸਕਾਰ ਦੇਣ ਤੇ ਪੀ.ਸੀ ਕੁਮਾਰ ਦਾ ਸਾਰੇ ਅਧਿਆਪਕਾਂ ਨੇ ਧੰਨਵਾਦ ਕੀਤਾ ਅਤੇ ਭਵਿੱਖ ਵਿਚ ਬੱਚਿਆਂ ਨੂੰ ਇਸੀ ਤਰ੍ਹਾਂ ਜਾਗਰੂਕ ਕਰਨ ਦੀ ਆਸ ਜਤਾਈ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰੂ ਤੇਗ ਬਹਾਦਰ ਗੁਰਦੁਆਰੇ ਲੈਸਟਰ ਦੀ ਪ੍ਰਬੰਧਕ ਕਮੇਟੀ ਦੀ ਚੋਣ ਵਿੱਚ

# ‘ਸ਼ੇਰ ਸੰਗਤ ਗਰੁੱਪ’ ਜੇਤੂ ਰਿਹਾ




**ਲੈਸਟਰ (ਯੂ. ਕੇ.), 29 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੈਸਟਰ ਵਿੱਚ 106 ਈਸਟ ਪਾਰਕ ਰੋਡ ’ਤੇ ਸਥਿਤ ਗੁਰੂ ਤੇਗ ਬਹਾਦਰ ਗੁਰਦੁਆਰੇ ਦੀ ਪ੍ਰਬੰਧਕ ਕਮੇਟੀ ਦੀ ਚੋਣ ਵਿੱਚ ‘ਸ਼ੇਰ ਸੰਗਤ ਗਰੁੱਪ’ ਜੇਤੂ ਰਿਹਾ। ਵੋਟ ਪਾਉਣ ਦੇ ਯੋਗ 2400 ਤੋਂ ਵੱਧ ਲੋਕਾਂ ਨੇ ਐਤਵਾਰ, 27 ਸਤੰਬਰ ਨੂੰ ਸਵੇਰੇ 8:00 ਵਜੇ ਤੋਂ ਸ਼ਾਮ 6:00 ਵਜੇ ਦੇ ਵਿਚਕਾਰ ਗੁਰਦੁਆਰਾ ਸਾਹਿਬ ਪਹੁੰਚ ਕੇ ਇਹ ਫੈਸਲਾ ਕੀਤਾ ਕਿ ਯੂਰਪ ਦੇ ਸਭ ਤੋਂ ਵੱਡੇ ਗੁਰਦੁਆਰਿਆਂ ਵਿੱਚੋਂ ਇੱਕ, ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਕੌਣ ਸੰਭਾਲੇਗਾ। ਚੋਣ ਨਤੀਜੇ ਦਾ ਐਲਾਨ ਬੀਤੀ ਰਾਤ ਲਗਭਗ 9:00 ਵਜੇ ਕੀਤਾ ਗਿਆ, ਜਿਸ ਵਿੱਚ ‘ਸ਼ੇਰ ਸੰਗਤ ਗਰੁੱਪ’ ਦੇ ਸਾਰੇ 15 ਮੈਂਬਰਾਂ ਨੂੰ 1800 ਤੋਂ ਵੱਧ ਵੋਟਾਂ ਮਿਲੀਆਂ। ਇਸ ਦੇ ਮੁਕਾਬਲੇ ‘ਸਰਬੱਤ ਦਾ ਭਲਾ ਗਰੁੱਪ’ ਦੇ 15 ਮੈਂਬਰਾਂ ਨੂੰ 569 ਤੋਂ 602 ਦੇ ਵਿਚਕਾਰ ਵੋਟਾਂ ਪ੍ਰਾਪਤ ਹੋਈਆਂ। ਸਤੰਬਰ 2024 ਦੀ ਚੋਣ ਤੋਂ ਪਹਿਲਾਂ, ਰਾਜਮਾਨਵਿੰਦਰ ਸਿੰਘ ਕੰਗ, ਬਰਿੰਦਰ ਸਿੰਘ ਲੱਛੜ ਅਤੇ ਗੁਰਨਾਮ ਸਿੰਘ ਰਾਏ ਦੀ ਅਗਵਾਈ ਵਾਲੇ ’ਤੀਰ ਗਰੁੱਪ’ ਅਤੇ ’ਸ਼ੇਰ ਸੰਗਤ ਗਰੁੱਪ’ ਵਿਚਕਾਰ ਇੱਕ ਸਮਝੌਤਾ ਹੋਇਆ ਸੀ ਕਿ ਉਹ ਇਕੱਠੇ ਹੋ ਕੇ ਚੋਣ ਲੜਨਗੇ ਅਤੇ ਇੱਕ-ਦੂਜੇ ਦੇ ਵਿਰੁੱਧ ਚੋਣ ਨਹੀਂ ਲੜਨਗੇ। ਪ੍ਰਧਾਨ ਦੇ ਅਹੁਦੇ ਲਈ, ’ਸਰਬੱਤ ਦਾ ਭਲਾ’ ਦੇ ਮੋਹਨ ਸਿੰਘ ਨੂੰ 586 ਵੋਟਾਂ ਮਿਲੀਆਂ ਅਤੇ ’ਸ਼ੇਰ ਸੰਗਤ ਗਰੁੱਪ’ ਦੀ ਨੁਮਾਇੰਦਗੀ ਕਰ ਰਹੇ ਗੁਰਨਾਮ ਸਿੰਘ ਨੂੰ 1859 ਵੋਟਾਂ ਮਿਲੀਆਂ। ਜਨਰਲ ਸਕੱਤਰ ਦੇ ਅਹੁਦੇ ਲਈ, ’ਸ਼ੇਰ ਸੰਗਤ ਗਰੁੱਪ’ ਦੇ ਜਸਪਾਲ ਸਿੰਘ ਨੂੰ 1828 ਵੋਟਾਂ ਮਿਲੀਆਂ, ਜਦਕਿ ਉਨ੍ਹਾਂ ਦੇ ਵਿਰੋਧੀ ਬਲਿੰਦਰ ਸਿੰਘ ਸਮਰਾ ਨੂੰ 602 ਵੋਟਾਂ ਮਿਲੀਆਂ; ਇਹ ’ਸਰਬੱਤ ਦਾ ਭਲਾ’ ਦੇ ਚੋਣ ਲੜਨ ਵਾਲੇ ਸਾਰੇ ਮੈਂਬਰਾਂ ਵਿੱਚੋਂ ਸਭ ਤੋਂ ਵੱਧ ਵੋਟਾਂ ਸਨ। ਗੁਰੂ ਤੇਗ ਬਹਾਦਰ ਗੁਰਦੁਆਰੇ ਦੇ ਨਵੇਂ ਚੁਣੇ ਗਏ ਪ੍ਰਧਾਨ ਗੁਰਨਾਮ ਸਿੰਘ ਨੇ ਕਿਹਾ: “ਚੋਣ ਦੌਰਾਨ ਤੁਹਾਡੇ ਭਰੋਸੇ, ਸਮਰਥਨ ਅਤੇ ਟੀਮ ਵਰਕ ਲਈ ਸਮੂਹ ਭਾਈਚਾਰੇ ਦਾ ਧੰਨਵਾਦ। ਮੈਂ ਆਪਣੇ ਗੁਰਦੁਆਰਾ ਭਾਈਚਾਰੇ ਦੀ ਸੇਵਾ ਕਰਨ ’ਤੇ ਮਾਣ ਮਹਿਸੂਸ ਕਰਦਾ ਹਾਂ ਅਤੇ ਗੁਰਦੁਆਰਾ ਸਾਹਿਬ ਦੀ ਬਿਹਤਰੀ ਲਈ ਮਿਲ ਕੇ ਕੰਮ ਕਰਨ ਲਈ ਉਤਸੁਕ ਹਾਂ।” ਨਵੇਂ ਚੁਣੇ ਗਏ ਜਨਰਲ ਸਕੱਤਰ ਜਸਪਾਲ ਸਿੰਘ ਨੇ ਕਿਹਾ, “ਆਪਣੀਆਂ ਵੋਟਾਂ ਰਾਹੀਂ ਮੇਰੇ ’ਤੇ ਭਰੋਸਾ ਜਤਾਉਣ ਲਈ ਲੈਸਟਰਸ਼ਾਇਰ ਦੇ ਸਮੂਹ ਸਿੱਖ ਭਾਈਚਾਰੇ ਦਾ ਬਹੁਤ-ਬਹੁਤ ਧੰਨਵਾਦ। ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਵਜੋਂ ਇਹ ਅਹੁਦਾ ਹਾਸਲ ਕਰਨਾ ਮੇਰੇ ਲਈ ਬਹੁਤ ਮਾਣ ਵਾਲੀ ਗੱਲ ਹੈ। ਮੈਂ ਵਾਅਦਾ ਕਰਦਾ ਹਾਂ ਕਿ ਮੈਂ ਤੁਹਾਡੇ ਸੁਝਾਵਾਂ ਨੂੰ ਸੁਣਾਂਗਾ ਅਤੇ ਗੁਰਦੁਆਰਾ ਸਾਹਿਬ ਦੀ ਬਿਹਤਰੀ ਲਈ ਸਖ਼ਤ ਮਿਹਨਤ ਕਰਾਂਗਾ।” 1995 ਵਿੱਚ ਸਥਾਪਿਤ ’ਪੰਜਾਬੀ ਲਿਸਨਰਜ਼ ਕਲੱਬ’ —ਜੋ ਪੰਜਾਬੀ ਭਾਸ਼ਾ ਅਤੇ ਸਿੱਖ ਧਰਮ ਦੇ ਪ੍ਰਚਾਰ-ਪਸਾਰ ਲਈ ਕੰਮ ਕਰ ਰਿਹਾ ਹੈ—ਦੇ ਕੋਆਰਡੀਨੇਟਰ ਤਰਲੋਚਨ ਸਿੰਘ ਵਿਰਕ ਨੇ ਟਿੱਪਣੀ ਕਰਦਿਆਂ ਕਿਹਾ: “ਭਾਈ ਗੁਰਨਾਮ ਸਿੰਘ ਜੀ ਅਤੇ ਭਾਈ ਜਸਪਾਲ ਸਿੰਘ ਜੀ ਕੋਲ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਸੇਵਾ ਕਰਨ ਦਾ ਕਈ ਸਾਲਾਂ ਦਾ ਤਜਰਬਾ ਹੈ। ਚੋਣਾਂ ਦੇ ਨਤੀਜਿਆਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਗੁਰਦੁਆਰਾ ਸਾਹਿਬ ਦੇ ਮੈਂਬਰ ਆਉਣ ਵਾਲੇ ਤਿੰਨ ਸਾਲਾਂ ਲਈ ਪ੍ਰਬੰਧਕ ਕਮੇਟੀ ਦੀ ਅਗਵਾਈ ਕਿਸ ਨੂੰ ਸੌਂਪਣਾ ਚਾਹੁੰਦੇ ਸਨ।”



**OFFICIAL ELECTION RESULTS DECLARATION**

**After Completion of Vote Count and Verification of Results**

It is now my Duty as Returning Officer to officially declare the votes received by each candidate as follows: -

| Sarbatt Da Bhalla Group | Vote Count | Sher-Sangat Group | Vote Count |
|---|---|---|---|
| Mohan Singh | 586 | Gurnam Singh | 1859 |
| Baljinder Singh Samra | 602 | Jaspal Singh Kang | 1828 |
| Jograj Singh | 586 | Jaswinder Singh | 1833 |
| Darshan Singh | 584 | Sohan Singh Purewal | 1822 |
| Gurdawar Singh | 591 | Jit Singh | 1813 |
| Sukhwinder Singh Rehill | 580 | Rashminder Singh | 1825 |
| Sachpreet Singh | 577 | Hardeep Singh | 1814 |
| Jagdeep Singh Mann | 571 | Harpal Singh | 1815 |
| Gurpreet Singh | 579 | Gurpreet Singh | 1816 |
| Jujhar Singh | 592 | Kewal Singh | 1815 |
| Jagjit Singh | 579 | Harpreet Singh Adiwal | 1819 |
| Varinderpal Singh | 573 | Daljit Singh Rai | 1814 |
| Onkar Singh Ajji | 576 | Iqbal Singh | 1816 |
| Simarjeet Kaur Gill | 571 | Karamjit Kaur | 1818 |
| Tajinder Singh | 569 | Kuldip Singh | 1820 |

Following the completion of the vote count and verification of the results, the above results are hereby officially declared.

27/9/26

Signature:

Date: 27/9/26